ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 12 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੩੦ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਮਜੀਠੀਆ ਨੇ ਡੇਰਾ ਬਿਆਸ ਮੁਖੀ ਨਾਲ ਕੀਤੀ ਮੁਲਾਕਾਤ, ਸੋਸ਼ਲ ਮੀਡੀਆ 'ਤੇ ਤਸਵੀਰਾਂ ਕੀਤੀਆਂ ਸਾਂਝੀਆਂ



**ਅੰਮ੍ਰਿਤਸਰ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੀਆਂ ਤਸਵੀਰਾਂ ਸਾਂਝੀਆਂ ਕਰਦਿਆਂ ਮਜੀਠੀਆ ਨੇ ਇਸ ਨੂੰ ਆਪਣਾ ਸੁਭਾਗ ਦੱਸਿਆ ਅਤੇ ਕਿਹਾ ਕਿ ਬਾਬਾ ਜੀ ਨੂੰ ਮਿਲ ਕੇ ਉਨ੍ਹਾਂ ਨੂੰ ਬਹੁਤ ਹੀ ਪਿਆਰ ਅਤੇ ਸਨੇਹ ਮਿਲਿਆ ਹੈ। ਮਜੀਠੀਆ ਨੇ ਭਾਵੁਕ ਹੁੰਦਿਆਂ ਟਵੀਟ 'ਚ ਲਿਖਿਆ ਕਿ ਉਨ੍ਹਾਂ ਦੇ ਔਖੇ-ਸੌਖੇ ਸਮੇਂ 'ਚ ਬਾਬਾ ਜੀ ਨੇ ਹਮੇਸ਼ਾ ਉਨ੍ਹਾਂ ਦਾ ਸਾਥ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਕੋਲ ਅਜਿਹੇ ਕੋਈ ਲਫ਼ਜ਼ ਨਹੀਂ ਹਨ, ਜਿਨ੍ਹਾਂ ਰਾਹੀਂ ਉਹ ਬਾਬਾ ਜੀ ਦਾ ਧੰਨਵਾਦ ਕਰ ਸਕਣ।

## ਖਾਲੀ ਕਰਵਾਏ ਸਕੂਲ

# ਮੋਹਾਲੀ ਦੇ 10 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਮੋਹਾਲੀ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਦੇ ਕਰੀਬ 10 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਹ ਧਮਕੀ ਈਮੇਲ ਰਾਹੀਂ ਭੇਜੀ ਗਈ ਸੀ। ਜਾਣਕਾਰੀ ਮਿਲਣ 'ਤੇ ਸਬੰਧਤ ਸਕੂਲ ਪ੍ਰਬੰਧਨ ਨੂੰ ਅਲਰਟ ਕਰ ਦਿੱਤਾ ਗਿਆ ਸੀ ਅਤੇ ਸਾਵਧਾਨੀ ਵਜੋਂ ਸਾਰੇ ਸਕੂਲਾਂ 'ਚ ਛੁੱਟੀ ਕਰ ਦਿੱਤੀ ਗਈ ਹੈ। ਸਵੇਰੇ ਸਕੂਲ ਪਹੁੰਚਦੇ ਹੀ ਬਹੁਤ ਸਾਰੇ ਬੱਚਿਆਂ ਨੂੰ ਗੇਟ ਤੋਂ ਵਾਪਸ ਘਰ ਭੇਜ ਦਿੱਤਾ ਗਿਆ ਸੀ। ਧਮਕੀ ਮਿਲਣ 'ਤੇ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਨੂੰ ਅਲਰਟ ਕਰ ਦਿੱਤਾ ਗਿਆ ਸੀ। ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਅਤੇ ਸਕੂਲ ਕੰਪਲੈਕਸ 'ਚ ਸੁਰੱਖਿਆ ਵਧਾ ਦਿੱਤੀ ਗਈ। ਡੀਈਓ ਸਿਟੀ ਹਰਸਿਮਰਨ ਬੱਲ ਨੇ ਨਿੱਜੀ ਤੌਰ 'ਤੇ ਲਰਨਿੰਗ ਪਾਥ ਸਕੂਲ ਦਾ ਦੌਰਾ ਕੀਤਾ, ਜਦੋਂ ਕਿ ਡੀਐਸਪੀ ਸਿਟੀ ਵਨ ਪ੍ਰਿਥਵੀ ਚਾਹਲ ਪੈਰਾਗਨ ਸਕੂਲ ਪਹੁੰਚੇ। ਪੁਲਿਸ ਨੇ ਸਾਰੇ ਸਕੂਲਾਂ ਨੂੰ ਸੀਲ ਕਰ ਦਿੱਤਾ ਹੈ ਅਤੇ ਅੰਦਰੂਨੀ ਜਾਂਚ ਕਰ ਰਹੀ ਹੈ।




ਕਿਸੇ ਨੂੰ ਵੀ ਗੇਟ ਤੋਂ ਅੱਗੇ ਨਹੀਂ ਜਾਣ ਦਿੱਤਾ ਜਾ ਰਿਹਾ ਹੈ। ਡੀਈਓ ਗਿੰਨੀ ਦੁੱਗਲ ਨੇ ਦੱਸਿਆ ਕਿ 10 ਸਕੂਲਾਂ ਨੂੰ ਧਮਕੀਆਂ ਮਿਲੀਆਂ ਹਨ। ਇਨ੍ਹਾਂ ਵਿੱਚ ਪੈਰਾਗਨ, ਲਰਨਿੰਗ ਪਾਥ, ਮਾਈਂਡਡ੍ਰੀਮ, ਜੀਡੀ ਗੋਇਨਕਾ, ਵਿਵੇਕ ਸਕੂਲ, ਇੰਡਸ ਅਤੇ ਹੋਰ ਸ਼ਾਮਲ ਹਨ। ਧਮਕੀਆਂ ਮਿਲਣ ਵਾਲੇ ਸਕੂਲ ਬੰਦ ਕਰ ਦਿੱਤੇ ਗਏ ਸਨ। ਇਸ ਦੌਰਾਨ ਸਰਕਾਰੀ ਸਕੂਲਾਂ ਨੂੰ ਆਪਣੇ ਈਮੇਲ ਚੈੱਕ ਕਰਨ ਲਈ ਕਿਹਾ ਗਿਆ ਸੀ। ਇਸ ਮਾਮਲੇ ਸੰਬੰਧੀ ਜਾਣਕਾਰੀ ਡਿਪਟੀ ਕਮਿਸ਼ਨਰ ਆਫ਼ ਪੁਲਿਸ ਨੂੰ ਵੀ ਭੇਜੀ ਗਈ ਸੀ। ਸਵੇਰੇ ਖੁੱਲ੍ਹਦੇ ਹੀ ਸਕੂਲਾਂ ਨੂੰ ਈਮੇਲ ਮਿਲ ਗਏ। ਇਸ ਤੋਂ ਬਾਅਦ ਪੁਲਿਸ ਟੀਮਾਂ ਅਲਰਟ ਹੋ ਗਈਆਂ ਅਤੇ ਸਕੂਲ ਬੰਦ ਕਰ ਦਿੱਤੇ ਗਏ। 28 ਜਨਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਤੋਂ ਪਹਿਲਾਂ ਚੰਡੀਗੜ੍ਹ ਦੇ 30 ਸਕੂਲਾਂ ਨੂੰ ਵੀ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਸਨ। ਇਸ ਤੋਂ ਬਾਅਦ ਪੁਲਿਸ ਅਤੇ ਖੁਫੀਆ ਏਜੰਸੀਆਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਸੀ। ਜਦੋਂ ਪੁਲਿਸ ਅਤੇ ਬੰਬ ਸਕੁਐਡ ਟੀਮਾਂ ਨੇ ਸਕੂਲਾਂ ਦੇ ਆਲੇ ਦੁਆਲੇ ਦੇ ਖੇਤਰਾਂ ਨੂੰ ਸੀਲ ਕਰ ਦਿੱਤਾ ਅਤੇ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਕਿਸੇ ਵੀ ਸਕੂਲ ਵਿੱਚ ਕੋਈ ਸ਼ੱਕੀ ਵਸਤੂ ਨਹੀਂ ਮਿਲੀ।


## ਅੰਮ੍ਰਿਤਪਾਲ ਦੀ ਪੈਰੋਲ 'ਤੇ ਹਾਈਕੋਰਟ 'ਚ ਸੁਣਵਾਈ, ਪੰਜਾਬ ਸਰਕਾਰ ਨੂੰ 10 ਦਿਨਾਂ ਅੰਦਰ ਜਵਾਬ ਦੇਣ ਦੇ ਹੁਕਮ

**ਚੰਡੀਗੜ੍ਹ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਸੰਸਦ ਦੇ ਬਜਟ ਇਜਲਾਸ 'ਚ ਹਿੱਸਾ ਲੈਣ ਲਈ ਆਪਣੀ ਪੈਰੋਲ ਦੀ ਅਰਜ਼ੀ ਰੱਦ ਕੀਤੇ ਜਾਣ ਦੇ ਫ਼ੈਸਲੇ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਚੁਣੌਤੀ ਦਿੱਤੀ ਹੈ। ਇਸ ਨਵੀਂ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ 10 ਦਿਨਾਂ ਦੇ ਅੰਦਰ ਜਵਾਬ ਦਾਇਰ ਕਰਨ ਦੇ ਹੁਕਮ ਦਿੱਤੇ ਹਨ। ਅੰਮ੍ਰਿਤਪਾਲ ਸਿੰਘ ਇਸ ਵੇਲੇ ਰਾਸ਼ਟਰੀ ਸੁਰੱਖਿਆ ਐਕਟ (ਐੱਨ. ਐੱਸ. ਏ.) ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਬੰਦ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਉਨ੍ਹਾਂ ਨੂੰ ਪੈਰੋਲ ਨਾ ਦੇਣ ਦੇ ਫ਼ੈਸਲੇ ਨੂੰ ਗੈਰ-ਕਾਨੂੰਨੀ, ਅਸਪੱਸ਼ਟ ਅਤੇ ਅਨੁਚਿਤ ਕਰਾਰ ਦਿੱਤਾ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਐੱਨ. ਐੱਸ. ਏ. ਦੀ ਧਾਰਾ-15 ਦੇ ਤਹਿਤ ਉਨ੍ਹਾਂ ਨੂੰ ਅਸਥਾਈ ਰਿਹਾਈ ਜਾਂ ਪੈਰੋਲ ਦੇਣ ਦੇ ਨਿਰਦੇਸ਼ ਦਿੱਤੇ ਜਾਣ ਤਾਂ ਜੋ ਉਹ 28 ਜਨਵਰੀ ਤੋਂ 13 ਫਰਵਰੀ ਅਤੇ 8 ਮਾਰਚ ਤੋਂ 2 ਅਪ੍ਰੈਲ ਤੱਕ ਨਿਰਧਾਰਿਤ ਬਜਟ ਇਜਲਾਸ ਦੇ ਵੱਖ-ਵੱਖ ਪੜਾਵਾਂ 'ਚ ਸ਼ਾਮਲ ਹੋ ਸਕਣ। ਪਟੀਸ਼ਨ 'ਚ ਅੰਮ੍ਰਿਤਪਾਲ ਸਿੰਘ ਨੇ ਤਰਕ ਦਿੱਤਾ ਹੈ ਕਿ ਉਨ੍ਹਾਂ ਦੇ ਹਲਕੇ ਦੇ ਲਗਭਗ 19 ਲੱਖ ਵੋਟਰਾਂ ਦੀ ਆਵਾਜ਼ ਸੰਸਦ 'ਚ ਚੁੱਕਣਾ ਉਨ੍ਹਾਂ ਦਾ ਸੰਵਿਧਾਨਕ ਅਧਿਕਾਰ ਹੈ। ਉਨ੍ਹਾਂ ਦੱਸਿਆ ਕਿ ਅਗਸਤ 2025 ਦੇ ਹੜ੍ਹਾਂ ਕਾਰਨ ਉਨ੍ਹਾਂ ਦੇ ਹਲਕੇ ਦੇ ਕਰੀਬ 1,000 ਪਿੰਡ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਦੀਆਂ ਸਮੱਸਿਆਵਾਂ ਅਤੇ ਸਰਹੱਦੀ ਖੇਤਰ 'ਚ ਵੱਧ ਰਹੇ ਨਸ਼ਿਆਂ ਅਤੇ ਵਿਕਾਸ ਦੇ ਮੁੱਦਿਆਂ ਨੂੰ ਸੰਸਦ 'ਚ ਚੁੱਕਣਾ ਬਹੁਤ ਜ਼ਰੂਰੀ ਹੈ। ਸੰਸਦ ਮੈਂਬਰ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀ ਪੈਰੋਲ ਦੀ ਮੰਗ ਨੂੰ ਰੱਦ ਕਰਨਾ ਸਿਆਸੀ ਬਦਲਾਖ਼ੋਰੀ ਤੋਂ ਪ੍ਰੇਰਿਤ ਹੈ ਅਤੇ ਇਹ ਕੁਦਰਤੀ ਨਿਆਂ ਦੇ ਸਿਧਾਂਤਾਂ ਦੇ ਖ਼ਿਲਾਫ਼ ਹੈ। ਇਸ ਤੋਂ ਪਹਿਲਾਂ ਵੀ ਹਾਈਕੋਰਟ ਨੇ ਸਪੱਸ਼ਟ ਕੀਤਾ ਸੀ ਕਿ ਐੱਸ. ਐੱਸ. ਏ. ਤਹਿਤ ਅਸਥਾਈ ਰਿਹਾਈ ਦਾ ਫ਼ੈਸਲਾ ਲੈਣ ਦਾ ਅਧਿਕਾਰ ਸਬੰਧਿਤ ਸੂਬਾ ਸਰਕਾਰ ਕੋਲ ਹੁੰਦਾ ਹੈ।



## ਰਣਵੀਰ ਸਿੰਘ ਨੂੰ ਜਾਨੋਂ ਮਾਰਨ ਦੀ ਧਮਕੀ ! ਪੁਲਿਸ ਨੇ ਧਮਕੀ ਪਿੱਛੇ ਲਾਰੈਂਸ ਬਿਸ਼ਨੋਈ ਗੈਂਗ ਦੇ ਹੋਣ ਦਾ ਜਤਾਇਆ ਸ਼ੱਕ

**ਮੁੰਬਈ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੁਲਿਸ ਦੇ ਅਨੁਸਾਰ, ਰਣਵੀਰ ਸਿੰਘ ਨੂੰ ਇਹ ਧਮਕੀ ਇੱਕ ਵੌਇਸ ਨੋਟ ਰਾਹੀਂ ਮਿਲੀ ਸੀ। ਇਸ ਵਿੱਚ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਗਈ ਹੈ ਅਤੇ ਅਦਾਕਾਰ ਨੂੰ ਗੰਭੀਰ ਨਤੀਜਿਆਂ ਦੀ ਚੇਤਾਵਨੀ ਦਿੱਤੀ ਗਈ ਹੈ। ਖ਼ਬਰ ਮਿਲਦੇ ਹੀ, ਬਾਂਦਰਾ ਪੁਲਿਸ ਦੀ ਇੱਕ ਟੀਮ ਤੁਰੰਤ ਉਸਦੇ ਘਰ ਪਹੁੰਚੀ ਅਤੇ ਸਥਿਤੀ ਦਾ ਜਾਇਜ਼ਾ ਲਿਆ। ਸੋਸ਼ਲ ਮੀਡੀਆ 'ਤੇ ਵਾਇਰਲ ਇੱਕ ਪੱਤਰ ਦੇ ਅਨੁਸਾਰ, ਛੇ ਹਥਿਆਰਬੰਦ ਸੁਰੱਖਿਆ ਕਰਮਚਾਰੀ ਅਤੇ ਇੱਕ ਵਰਦੀਧਾਰੀ ਅਧਿਕਾਰੀ ਹੁਣ ਰਣਵੀਰ ਸਿੰਘ ਦੇ ਘਰ ਦੇ ਅਹਾਤੇ ਵਿੱਚ ਹਰ ਸਮੇਂ ਮੌਜੂਦ ਰਹਿਣਗੇ। ਗਾਰਡਾਂ ਦੀ ਗਿਣਤੀ ਵਧਾ ਦਿੱਤੀ ਗਈ ਹੈ ਅਤੇ ਕੁਝ ਪੁਲਿਸ ਵਾਲੇ ਹਰ ਸਮੇਂ ਰਣਵੀਰ ਦੇ ਘਰ ਦੇ ਬਾਹਰ ਮੌਜੂਦ ਰਹਿਣਗੇ। ਮੁੰਬਈ ਪੁਲਿਸ ਨੇ ਇਸ ਧਮਕੀ ਪਿੱਛੇ ਲਾਰੈਂਸ ਬਿਸ਼ਨੋਈ ਗੈਂਗ ਦਾ ਹੱਥ ਹੋਣ ਬਾਰੇ ਵੀ ਸ਼ੱਕ ਜ਼ਾਹਰ ਕੀਤਾ ਹੈ। ਫਿਲਹਾਲ, ਪੁਲਿਸ ਵੱਲੋਂ ਇੱਕ ਅਣਪਛਾਤੇ ਵਿਅਕਤੀ ਵਿਰੁੱਧ ਐਫਆਈਆਰ ਦਰਜ ਕੀਤੀ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਸਾਈਬਰ ਸੈੱਲ ਟੀਮ ਦੀ ਜਾਂਚ ਮੁੱਖ ਤੌਰ 'ਤੇ ਉਸ ਮੋਬਾਈਲ ਨੰਬਰ ਜਾਂ ਪਲੇਟਫਾਰਮ ਨੂੰ ਟਰੈਕ ਕਰਨ 'ਤੇ ਕੇਂਦ੍ਰਿਤ ਹੈ ਜਿੱਥੋਂ ਵੌਇਸ ਨੋਟ ਭੇਜਿਆ ਗਿਆ ਸੀ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਹ ਮਾਮਲੇ ਦੇ ਹਰ ਪਹਿਲੂ ਦੀ ਡੂੰਘਾਈ ਨਾਲ ਜਾਂਚ ਕਰ ਰਹੇ ਹਨ।" ਜ਼ਿਕਰਯੋਗ ਹੈ ਕਿ ਪਿਛਲੇ ਕੁਝ ਦਿਨਾਂ ਵਿੱਚ ਬਾਲੀਵੁੱਡ ਸਿਤਾਰਿਆਂ ਨੂੰ ਧਮਕੀਆਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਇਸ ਤੋਂ ਪਹਿਲਾਂ, ਸਲਮਾਨ ਖਾਨ ਅਤੇ ਸ਼ਾਹਰੁਖ ਖਾਨ ਵਰਗੇ ਸੁਪਰਸਟਾਰਾਂ ਨੂੰ ਸੁਰੱਖਿਆ ਕਾਰਨਾਂ ਕਰਕੇ ਸਖ਼ਤ ਪੁਲਿਸ ਸੁਰੱਖਿਆ ਦਿੱਤੀ ਗਈ ਹੈ। ਰਣਵੀਰ ਸਿੰਘ ਨੂੰ ਇਸ ਧਮਕੀ ਨੇ ਇੱਕ ਵਾਰ ਫਿਰ ਪੁਲਿਸ ਅਤੇ ਫਿਲਮ ਇੰਡਸਟਰੀ ਦੇ ਸਿਤਾਰਿਆਂ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ। ਇਸ ਮਾਮਲੇ 'ਤੇ ਰਣਵੀਰ ਸਿੰਘ ਜਾਂ ਉਨ੍ਹਾਂ ਦੇ ਪਰਿਵਾਰ ਵੱਲੋਂ ਅਜੇ ਤੱਕ ਕੋਈ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ, ਪਰ ਪਰਿਵਾਰ ਦੇ ਨਜ਼ਦੀਕੀ ਲੋਕ ਬਹੁਤ ਚਿੰਤਤ ਦੱਸੇ ਜਾ ਰਹੇ ਹਨ।



## ਡੀਆਈਜੀ ਦੇ ਭਰੋਸੇ ਤੋਂ ਬਾਅਦ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਮਾਪਿਆਂ ਨੇ ਧਰਨਾ ਕੀਤਾ ਸਮਾਪਤ



**ਮਾਨਸਾ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਅਤੇ ਮਾਤਾ ਚਰਨ ਕੌਰ ਵੱਲੋਂ ਐਸਐਸਪੀ ਦਫ਼ਤਰ ਬਾਹਰ ਲਗਾਇਆ ਧਰਨਾ ਸਮਾਪਤ ਕਰ ਲਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਸਿੱਧੂ ਮੂਸੇਵਾਲਾ ਦੇ ਮਾਪਿਆਂ ਦੀ ਡੀਆਈਜੀ ਹਰਜੀਤ ਸਿੰਘ ਨੇ ਦੋ ਦਿਨ 'ਚ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਹੈ। ਦੱਸ ਦਈਏ ਕਿ ਬਲਕੌਰ ਸਿੰਘ ਅਤੇ ਚਰਨ ਕੌਰ ਵੱਲੋਂ ਵਨ ਡਿਜ਼ੀਟਲ ਕੰਪਨੀ ਤੇ ਗੀਤਕਾਰ ਬੰਟੀ ਬੈਂਸ ਖਿਲਾਫ ਕੇਸ ਕਰਨ ਦੀ ਮੰਗ ਕੀਤੀ ਗਈ ਸੀ। ਇਸੇ ਮੰਗ ਦੇ ਚੱਲਦੇ ਪੁਲਿਸ ਨੂੰ ਦਰਖ਼ਾਸਤ ਦਿੱਤੀ ਗਈ ਸੀ ਅਤੇ ਇਸੇ 'ਤੇ ਕਾਰਵਾਈ ਨਾ ਕਰਨ ਦੇ ਚੱਲਦੇ ਐਸਐਸਪੀ ਦਫਤਰ ਅੱਗੇ ਧਰਨਾ ਲਾਇਆ ਗਿਆ ਸੀ। ਮੂਸੇਵਾਲਾ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਨੇ ਛੇ ਮਹੀਨੇ ਪਹਿਲਾਂ ਵਨ ਡਿਜ਼ੀਟਲ ਕੰਪਨੀ ਅਤੇ ਇਸਦੇ ਮੈਨੇਜਰ ਬੰਟੀ ਬੈਂਸ ਖਿਲਾਫ ਸ਼ਿਕਾਇਤ ਦਰਜ ਕਰਵਾਈ ਸੀ ਅਤੇ ਇੱਕ ਵਕੀਲ ਵੀ ਰੱਖਿਆ ਸੀ, ਪਰ ਕੋਈ ਸੁਣਵਾਈ ਨਹੀਂ ਹੋਈ। ਇਸ ਮਗਰੋਂ ਉਨ੍ਹਾਂ ਨੇ ਬੰਟੀ ਬੈਂਸ ਨੂੰ ਬਾਹਰ ਕੱਢ ਦਿੱਤਾ ਅਤੇ ਉਨ੍ਹਾਂ ਨੇ ਕੋਈ ਇਤਰਾਜ਼ ਨਹੀਂ ਕੀਤਾ, ਪਰ ਅੱਜ ਤੱਕ ਸਮੀਰ ਮੇਮਨ ਅਤੇ ਗੁਰਪ੍ਰੀਤ ਸਿੰਘ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ। ਜਿਸ ਕਾਰਨ ਉਨ੍ਹਾਂ ਵੱਲੋਂ ਇੱਥੇ ਹੀ ਧਰਨਾ ਲਗਾ ਦਿੱਤਾ ਗਿਆ ਹੈ।

ਧਰਨੇ ਦੌਰਾਨ ਸਿੱਧੂ ਮੂਸੇਵਾਲਾ ਦੇ ਪਿਤਾ ਨੇ ਪੁਲਿਸ 'ਤੇ ਗੈਂਗਸਟਰਾਂ ਨਾਲ ਮਿਲੀਭੁਗਤ ਦੇ ਇਲਜ਼ਾਮ ਲਾਏ ਹਨ। ਉਨ੍ਹਾਂ ਨੇ ਕਿਹਾ ਕਿ 5 ਦਿਨਾਂ ਬਾਅਦ ਵੀ ਦਰਖ਼ਾਸਤ 'ਤੇ ਕਾਰਵਾਈ ਨਹੀਂ ਹੋਈ। ਉਨ੍ਹਾਂ ਇਹ ਵੀ ਕਿਹਾ ਕਿ ਸਿੱਧੂ ਮੂਸੇਵਾਲਾ ਦੇ ਕਤਲ ਮਾਮਲੇ 'ਚ ਉਨ੍ਹਾਂ ਨੂੰ ਇਨਸਾਫ ਨਹੀਂ ਮਿਲ ਰਿਹਾ ਹੈ।

## ਮਸ਼ਹੂਰ ਸੂਫੀ ਗਾਇਕਾ ਜੋਤੀ ਨੂਰਾਂ ਦੇ ਘਰ ਦੇ ਬਾਹਰ ਫਾਇਰਿੰਗ

**ਜਲੰਧਰ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਪੰਜਾਬੀ ਗਾਇਕਾ ਜੋਤੀ ਨੂਰਾਂ ਦੇ ਘਰ ਦੇ ਬਾਹਰ ਗੋਲੀਬਾਰੀ ਦੀ ਘਟਨਾ ਵਾਪਰੀ ਹੈ। ਇਹ ਘਟਨਾ ਰਾਤ 9:20 ਵਜੇ ਵਾਪਰੀ ਦੱਸੀ ਜਾ ਰਹੀ ਹੈ। ਮੁਲਜ਼ਮਾਂ ਨੇ ਜੋਤੀ ਨੂਰਾਂ ਦੇ ਮਕਸੂਦਾਂ ਸਥਿਤ ਨਵੇਂ ਘਰ ਦੇ ਬਾਹਰ ਗੋਲੀਬਾਰੀ ਕੀਤੀ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਗੋਲੀਬਾਰੀ ਦੀ ਇਸ ਘਟਨਾ ਨੇ ਇੱਕ ਵਾਰ ਫਿਰ ਸੁਰੱਖਿਆ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਇਹ ਸਾਰੀ ਘਟਨਾ ਸੀਸੀਟੀਵੀ ਵਿੱਚ ਕੈਦ ਹੋ ਗਈ ਹੈ, ਜਿਸ ਵਿੱਚ ਐਕਟਿਵਾ ਸਵਾਰ ਇੱਕ ਨੌਜਵਾਨ ਘਰ ਦੇ ਬਾਹਰ ਆਉਂਦਾ ਹੈ, ਗੋਲੀਆਂ ਚਲਾਉਂਦਾ ਹੈ ਅਤੇ ਫਿਰ ਫਰਾਰ ਹੋ ਜਾਂਦਾ ਹੈ। ਸੂਤਰਾਂ ਅਨੁਸਾਰ, ਇਹ ਹਮਲਾ ਜੋਤੀ ਨੂਰਾ ਦੇ ਨਵੇਂ ਘਰ ਦੇ ਬਾਹਰ ਹੋਇਆ, ਜਿਸ ਨਾਲ ਇਹ ਚਿੰਤਾਵਾਂ ਵਧੀਆਂ ਹਨ ਕਿ ਇਹ ਉਨ੍ਹਾਂ ਵਿਰੁੱਧ ਚੇਤਾਵਨੀ ਜਾਂ ਧਮਕੀ ਹੋ ਸਕਦੀ ਹੈ। ਹਾਲ ਹੀ ਦੇ ਸਮੇਂ ਵਿੱਚ, ਘਰੇਲੂ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਕਈ ਕਲਾਕਾਰਾਂ ਵਿਰੁੱਧ ਜਾਨਲੇਵਾ ਹਮਲਿਆਂ ਅਤੇ ਧਮਕੀਆਂ ਵਿੱਚ ਵਾਧਾ ਹੋਇਆ ਹੈ, ਜਿਸ ਨਾਲ ਇਸ ਘਟਨਾ ਦੀ ਸੁਰੱਖਿਆ ਬਾਰੇ ਗੰਭੀਰ ਚਿੰਤਾਵਾਂ ਪੈਦਾ ਹੋਈਆਂ ਹਨ।

## ਸੂਟਕੇਸ 'ਚ ਮਿਲੀ 20 ਸਾਲਾ ਕੁੜੀ ਦੀ ਸੜੀ ਲਾਸ਼

ਬਠਿੰਡਾ ਅੰਦਰ ਦਿਲ ਦਹਿਲਾਉਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਬਠਿੰਡਾ ਦੇ ਮਲੋਟ ਰੋਡ 'ਤੇ ਇੱਕ ਸੂਟਕੇਸ ਵਿੱਚ ਲਗਭਗ 20 ਸਾਲਾ ਕੁੜੀ ਦੀ ਲਾਸ਼ ਮਿਲੀ ਹੈ। ਕੁੜੀ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਹਨ ਅਤੇ ਅੱਗ ਨਾਲ ਸਾੜਨ ਦੀ ਕੋਸ਼ਿਸ਼ ਵੀ ਕੀਤੀ ਗਈ ਹੈ। ਬਠਿੰਡਾ ਪੁਲਿਸ ਇਸ ਮਾਮਲੇ ਨੂੰ ਵੱਖ-ਵੱਖ ਪੱਖਾਂ ਤੋਂ ਜਾਂਚ ਕਰ ਰਹੀ ਹੈ। ਘਟਨਾ ਨਾਲ ਪਿੰਡ ਦੇ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ, ਕਿਉਂਕਿ ਜਦੋਂ ਪੁਲਿਸ ਵੱਲੋਂ ਵੱਡੀ ਪੱਧਰ 'ਤੇ ਪੰਜਾਬ ਭਰ 'ਚ ਅਪ੍ਰੇਸ਼ਨ ਚਲਾਇਆ ਜਾ ਰਿਹਾ ਹੈ, ਤਾਂ ਫਿਰ ਇਸ ਤਰ੍ਹਾਂ ਸੂਟਕੇਸ ਵਿੱਚ ਲਾਸ਼ ਸੁੱਟ ਕੇ ਜਾਣਾ ਕਿਵੇਂ ਵਾਪਰਿਆ ? ਅਪ੍ਰੇਸ਼ਨ ਪ੍ਰਹਾਰ ਨੂੰ ਲੈ ਕੇ ਅਜਿਹੇ ਕਈ ਸਵਾਲ ਖੜ੍ਹੇ ਹੋ ਰਹੇ ਹਨ। ਡੀਐਸਪੀ ਹਰਵਿੰਦਰ ਸਿੰਘ ਸਰਾਂ ਨੇ ਜਾਣਕਾਰੀ ਦਿੰਦਿਆਂ ਕਿਹਾ ਹੈ ਕਿ ਸਾਨੂੰ ਸੂਚਨਾ ਪ੍ਰਾਪਤ ਹੋਈ ਸੀ ਕਿ ਬਠਿੰਡਾ-ਮਲੋਟ ਰੋਡ ਨਜ਼ਦੀਕ ਬਹਿਮਨ ਦੀਵਾਨਾ ਪੁੱਲ ਜਾਂਦੀ ਸੜਕ ਨਜ਼ਦੀਕ ਇੱਕ ਸੂਟਕੇਸ ਪਿਆ ਹੈ, ਜਿਸ ਨੂੰ ਕੁਝ ਅਵਾਰਾ ਕੁੱਤੇ ਖਿੱਚ ਰਹੇ ਹਨ। ਜਦੋਂ ਸਾਡੇ ਵੱਲੋਂ ਮੌਕੇ 'ਤੇ ਆ ਕੇ ਦੇਖਿਆ ਤਾਂ ਜਾਂਚ ਪੜਤਾਲ ਕੀਤੀ ਗਈ ਤਾਂ ਪਤਾ ਲੱਗਿਆ ਇਸ ਸੂਟਕੇਸ ਵਿੱਚ ਅੱਗ ਨਾਲ ਸੜੀ ਹੋਈ ਇੱਕ 20 ਸਾਲਾਂ ਦੇ ਕਰੀਬ ਕੁੜੀ ਦੀ ਲਾਸ਼ ਪਈ ਹੈ।

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

**ਧੰਨ ਧੰਨ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ**

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : **ਗਰਾਂਊਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।**

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ਼੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ:
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

**ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾਂ ਪਾਉਣਗੇ ।**

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।


ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)

ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698







ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

# ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ 16 ਫਰਵਰੀ ਦਿਨ ਸੋਮਵਾਰ ਨੂੰ

**ਵਾਹਿਗੁਰੂ ਜੀ ਕਾ ਖਾਲਸਾ ॥**
**ਵਾਹਿਗੁਰੂ ਜੀ ਕੀ ਫਤਿਹ ॥**

ਸਮੂਹ ਨਗਰ ਨਿਵਾਸੀਆਂ ਨੂੰ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਪਿੰਡ ਭੰਗਵਾਂ ਨੇੜੇ ਲੋਪੋਕੇ, ਜ਼ਿਲ੍ਹਾ



ਅੰਮ੍ਰਿਤਸਰ ਵਿਖ਼ੇ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ ਲੱਗ ਰਿਹਾ ਹੈ। ਇਹ ਕੈਂਪ ਪਿੰਡ ਭੰਗਵਾਂ ਦੇ ਗੁਰਦੁਆਰਾ ਸਾਹਿਬ ਵਿੱਚ 16 ਫਰਵਰੀ 2026 ਦਿਨ ਸੋਮਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 12 ਵਜੇ ਤੱਕ ਲੱਗੇਗਾ।
ਜਿਸ ਵਿੱਚ ਅੱਖਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਪਹੁੰਚ ਰਹੇ ਹਨ। ਚਿੱਟੇ ਮੋਤੀਏ ਦੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ। ਲੋੜਵੰਦ ਮਰੀਜ਼ ਆਪਣੇ ਅਧਾਰ ਕਾਰਡ ਦੀ ਫੋਟੋ ਕਾਪੀ ਅਤੇ ਜੋ ਦਵਾਈਆਂ ਉਹ ਖਾਂਦੇ ਹਨ ਜਾਂ ਜਿਹੜੀਆਂ ਐਨਕਾਂ ਉਹ ਲਗਾਉਂਦੇ ਹਨ ਜਰੂਰ ਨਾਲ ਲੈ ਕੇ ਆਉਣ। ਚੈੱਕਅਪ ਤੋਂ ਬਾਅਦ ਅਪ੍ਰੇਸ਼ਨ ਵਾਲੇ ਮਰੀਜਾਂ ਨੂੰ ਦੁਪਿਹਰ 2 ਵਜੇ ਬੱਸ ਰਾਹੀਂ ਸ਼ੰਕਰਾ ਹਸਪਤਾਲ ਲੁਧਿਆਣਾ ਭੇਜਿਆ ਜਾਵੇਗਾ। ਜਿੱਥੇ ਮਰੀਜ਼ਾਂ ਦੇ ਅਪ੍ਰੇਸ਼ਨ ਹੋਣਗੇ, ਉਨ੍ਹਾਂ ਦੇ ਰਹਿਣ ਅਤੇ ਖਾਣ- ਪੀਣ ਦਾ ਵਧੀਆ ਤੇ ਮੁਫ਼ਤ ਪ੍ਰਬੰਧ ਹੋਵੇਗਾ।

**ਇਹ ਕੈਂਪ ਪਿੰਡ ਭੰਗਵਾਂ ਦੀ ਸੰਗਤ, ਭਾਈ ਜੁਗਰਾਜ ਸਿੰਘ ਭੰਗਵਾਂ ਅਤੇ ਬੀਬੀ ਜਸਮੀਤ ਕੌਰ ਛੀਨਾ ਵੱਲੋਂ ਸਾਂਝੇ ਤੌਰ ਤੇ ਲਗਾਇਆ ਜਾ ਰਿਹਾ ਹੈ।**

ਆਵਾਜ਼ਿ ਕੌਮ AWAZE QAUM International Newspaper & WEB TV

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

**ਭਾਈ ਜੁਗਰਾਜ ਸਿੰਘ ਭੰਗਵਾਂ ਮੋਬਾਇਲ ਨੰ : 95921- 60315**
**ਬੀਬੀ ਜਸਮੀਤ ਕੌਰ ਛੀਨਾ ਮੋਬਾਇਲ ਨੰ : 98559 - 73085**




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**





## ਖਾਲਸਾ ਅਕੈਡਮੀ ਵਿਖੇ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ 'ਚ ਹੋਇਆ ਅਰਦਾਸ ਦਿਵਸ

# ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਹਾਜ਼ਰੀ ਭਰੀ



**ਚੌਕ ਮਹਿਤਾ, 11 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਮਿਤੀ 11/02/2026 ਦਿਨ ਬੁੱਧਵਾਰ ਨੂੰ ਕਲਾਸ ਦਸਵੀਂ ਅਤੇ ਬਾਰਵੀਂ ਦੇ ਬੋਰਡ ਪ੍ਰੀਖਿਆਵਾਂ ਅਤੇ ਸ਼ਾਨਦਾਰ ਨਤੀਜਿਆਂ ਲਈ ਅਰਦਾਸ ਦਿਵਸ ਮਨਾਇਆ ਗਿਆ। ਸਕੂਲ ਵਿੱਚ ਸੁਸ਼ੋਭਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠ ਆਰੰਭ ਕਰਵਾਇਆ ਗਿਆ ਸੀ। ਪਾਠ ਦੇ ਭੋਗ ਉਪਰੰਤ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਕੀਰਤਨ ਕੀਤਾ ਗਿਆ। ਇਸ ਅਰਦਾਸ ਵਿੱਚ ਕਲਾਸ ਨਰਸਰੀ ਤੋਂ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਪੁੱਜੀ ਹੋਈਆਂ ਸ਼ਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਭੋਗ ਤੋਂ ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਜਿਸ ਵਿੱਚ ਕਲਾਸ ਦਸਵੀਂ ਅਤੇ ਬਾਰਵੀਂ ਦੇ ਵਿਦਿਆਰਥੀਆਂ ਨੇ ਸੇਵਾ ਦੀ ਭੂਮਿਕਾ ਨਿਭਾਈ। ਇਸ ਅਰਦਾਸ ਸਮਾਗਮ ਵਿੱਚ ਸਰਦਾਰ ਤਰੁਨਪ੍ਰੀਤ ਸਿੰਘ ਸੌਂਧ ਕੈਬਨਿਟ ਮੰਤਰੀ ਪੰਜਾਬ ਉਚੇਚੇ ਤੌਰ ਤੇ ਪਹੁੰਚੇ ਅਤੇ ਬੱਚਿਆਂ ਨੂੰ ਸੰਬੋਧਿਤ ਕੀਤਾ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵਲੋਂ ਸੰਤ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਤੇ ਏ ਡੀ ਸੀ ਵਿਕਾਸ ਅੰਮ੍ਰਿਤਸਰ ਮੈਡਮ ਪਰਮਜੀਤ ਕੌਰ, ਐਸ ਡੀ ਐਮ ਮਜੀਠਾ ਸ ਪ੍ਰੀਤ ਇੰਦਰ ਸਿੰਘ ਬੈਂਸ, ਡੀ ਪੀ ਆਰ ਓ ਅੰਮ੍ਰਿਤਸਰ ਸ ਇੰਦਰਜੀਤ ਸਿੰਘ ਸਕੂਲ ਦੇ ਡਾਇਰੈਕਟਰ/ਪ੍ਰਿੰਸੀਪਲ ਡਾ: ਜਤਿੰਦਰ ਸ਼ਰਮਾ , ਪ੍ਰਿੰ: ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ: ਗੁਰਦੀਪ ਸਿੰਘ ਰੰਧਾਵਾ, ਗਿਆਨੀ ਸਾਹਿਬ ਸਿੰਘ ਜੀ ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਹਾਜ਼ਰੀ ਭਰੀ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਲ਼ਕਾ ਇੰਚਾਰਜ ਨਿਯੁਕਤ : ਜਥੇਦਾਰ ਹਰਚੰਦ ਸਿੰਘ ਚਕਰ

**ਸ੍ਰੀ ਅੰਮ੍ਰਿਤਸਰ ਸਾਹਿਬ, 11 ਫਰਵਰੀ (ਵਰਿਆਮ ਹਠੂਰ)**-ਮੀਰੀ ਪੀਰੀ ਦੇ ਸਿਧਾਂਤ ਤੇ ਚੱਲਣ ਵਾਲੀ ਧਾਰਮਿਕ ਜਥੇਬੰਦੀ ਇੰਟਰਨੈਸ਼ਨਲ ਪੰਥਕ ਦਲ ਜਿਸ ਦੀਆਂ ਜੜ੍ਹਾਂ ਪੰਜਾਬ ਤੋਂ ਲੈ ਕੇ ਬਾਹਰਲੇ ਮੁਲਕਾਂ ਤੱਕ ਫੈਲੀਆਂ ਹੋਈਆਂ ਹਨ। ਜਥੇਬੰਦੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਲਗਤਾਰ ਨਵੀਆਂ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ। ਇਸੇ ਲੜ੍ਹੀ ਨੂੰ ਅੱਗੇ ਤੋਰਦਿਆਂ 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਰਹੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ਼੍ਰੀ ਆਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਵੱਲੋਂ ਇੰਟਰਨੈਸ਼ਨਲ ਪੰਥਕ ਦਲ ਦੇ ਜ਼ਿਲ੍ਹਾ ਪ੍ਰਧਾਨ ਭਾਈ ਰਜਿੰਦਰ ਸਿੰਘ ਰਾਜਾ ਦਾਬਾਂਵਾਲ ਕਲਾਂ ਨੂੰ ਫਤਿਹਗੜ੍ਹ ਚੂੜੀਆਂ ਦਾ ਹਲਕਾ ਇੰਚਾਰਜ ਅਤੇ ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਭਾਈ ਗੁਰਭੇਜ ਸਿੰਘ ਭੈਣੀ ਮੱਸਾ ਸਿੰਘ ਨੂੰ ਖੇਮਕਰਨ ਤੋਂ ਹਲਕਾ ਇੰਚਾਰਜ ਨਿਯੁਕਤ ਕੀਤਾ, ਗਿਆ, ਇਸ ਮੌਕੇ ਦੋਵੇਂ ਨਵ ਨਿਯੁਕਤ ਹਲਕਾ ਇੰਚਾਰਜਾਂ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ, ਇਸ ਮੌਕੇ ਦੋਵਾਂ ਹਲਕਾ ਇੰਚਾਰਜਾਂ ਨੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਗੱਲਬਾਤ ਕਰਦਿਆਂ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇੰਟਰਨੈਸ਼ਨਲ ਪੰਥਕ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ, ਤੇ ਜਥੇਬੰਦੀ ਧਾਰਮਿਕ ਗਤੀਵਿਧੀਆਂ ਦੀ ਲੜੀ ਨੂੰ ਲਗਾਤਾਰ ਅੱਗੇ ਤੋਰਦੇ ਹੋਏ ਗੁਰਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਨ ਦੇ ਲਗਾਤਾਰ ਉਪਰਾਲੇ ਕਰੇਗੀ।



ਭਾਈ ਰਜਿੰਦਰ ਸਿੰਘ ਰਾਜਾ    ਭਾਈ ਗੁਰਭੇਜ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰੁਜ਼ਗਾਰ ਮੇਲੇ 2026 ਵਿੱਚ

# 150 ਵਿਦਿਆਰਥੀਆਂ ਨੂੰ ਵੰਡੇ ਗਏ ਨਿਯੁਕਤੀ ਪੱਤਰ







**ਤਲਵੰਡੀ ਸਾਬੋ, 11 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਦੀ ਪਲੇਸਮੈਂਟ ਲਈ ਦੋ ਰੋਜ਼ਾ ਰੁਜ਼ਗਾਰ ਮੇਲਾ ਆਯੋਜਿਤ ਕੀਤਾ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਾਈਸ ਚਾਂਸਲਰ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਨੇ ਕੀਤਾ।ਉਦਘਾਟਨੀ ਸਮਾਰੋਹ ਵਿੱਚ ਪਰੋ ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਪਰੋ ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਡਾਇਰੈਕਟਰ ਕੈਂਪਸ ਡਾ. ਹਰਜਸਪਾਲ ਸਿੰਘ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ, ਵੱਖ-ਵੱਖ ਫੈਕਲਟੀਆਂ ਦੇ ਡੀਨ, ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਹੋਏ। ਮੇਲੇ ਦੇ ਦੂਜੇ ਦਿਨ 150 ਵਿਦਿਆਰਥੀਆਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।ਉਦਘਾਟਨ ਮੌਕੇ ਮੁੱਖ ਮਹਿਮਾਨ ਡਾ. ਸਿੰਘ ਨੇ ਕਿਹਾ ਕਿ ਰੁਜ਼ਗਾਰ ਮੇਲੇ ਸਿੱਖਿਆ ਅਤੇ ਸਨਅਤ ਵਿਚਕਾਰ ਪੁੱਲ ਦਾ ਕੰਮ ਕਰਦੇ ਹਨ।ਇਸ ਲਈ ਜੀ.ਕੇ.ਯੂ. ਇੰਡਸਟਰੀ ਦੀ ਮੰਗ ਅਨੁਸਾਰ ਨਵੇਂ ਸਿਲੇਬਸ ਤਿਆਰ ਕਰ ਰਹੀ ਹੈ ਤੇ ਨਵੇਂ ਤਕਨੀਕੀ ਕੋਰਸ ਸ਼ੁਰੂ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇੰਟਰਵਿਊ ਵਿੱਚ ਇਮਾਨਦਾਰੀ ਅਤੇ ਆਤਮ-ਵਿਸ਼ਵਾਸ ਨਾਲ ਜਵਾਬ ਦੇਣ ਲਈ ਪ੍ਰੇਰਿਤ ਕੀਤਾ। ਪਰੋ ਵਾਈਸ ਚਾਂਸਲਰ ਡਾ. ਧੀਮਾਨ ਨੇ ਆਯੋਜਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਨਾਲ ਇੰਡਸਟਰੀ ਦੇ ਅਧਿਕਾਰੀਆਂ ਅੱਗੇ ਆਪਣੀ ਯੋਗਤਾ ਦਾ ਪ੍ਰਗਟਾਵਾ ਕਰਨ ਲਈ ਕਿਹਾ।ਉਨ੍ਹਾਂ ਵਿਦਿਆਰਥੀਆਂ ਨੂੰ ਹਮੇਸ਼ਾ ਸਿੱਖਦੇ ਰਹਿਣ ਦੇ ਜਜ਼ਬੇ ਨੂੰ ਕਾਇਮ ਰੱਖਣ ਦਾ ਮਸ਼ਵਰਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਸਿਰਫ਼ ਇੱਕ ਸਵਾਲ ਦਾ ਜਵਾਬ ਨਹੀਂ, ਸਗੋਂ ਵਿਦਿਆਰਥੀ ਦਾ ਸੰਪੂਰਨ ਵਿਅਕਤੀਤਵ ਸਫਲਤਾ ਦਾ ਕਾਰਨ ਹੁੰਦਾ ਹੈ। ਇਸ ਮੌਕੇ ਡਾ. ਵਰਮਾ ਨੇ ਵਿਦਿਆਰਥੀਆਂ ਨੂੰ ਆਪਣਾ ਹੰਕਾਰ ਛੱਡ ਕੇ ਟੀਮ ਭਾਵਨਾ ਪੈਦਾ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਇੰਟਰਵਿਊ ਵਿੱਚ ਹਉਮੈ ਨੂੰ ਛੱਡ ਕੇ ਫ਼ਰਾਖ ਦਿਲੀ ਅਤੇ ਇਮਾਨਦਾਰੀ ਨਾਲ ਆਪਣੀ ਗੱਲ ਰੱਖਣੀ ਚਾਹੀਦੀ ਹੈ।ਕੈਂਪਸ ਡਾਇਰੈਕਟਰ ਡਾ. ਸਿੰਘ ਨੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੇ ਪ੍ਰਬੰਧਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਰੁਜ਼ਗਾਰ ਮੇਲੇ ਵਿਦਿਆਰਥੀਆਂ ਦੇ ਹੌਂਸਲੇ ਵਧਾਉਣ ਲਈ ਜ਼ਰੂਰੀ ਹਨ। ਉਨ੍ਹਾਂ ਸਮੂਹ ਪ੍ਰਬੰਧਕੀ ਟੀਮ ਵੱਲੋਂ ਪੇਸ਼ੇਵਰ ਤਰੀਕੇ ਨਾਲ ਕਾਰਜਕ੍ਰਮ ਨੂੰ ਆਯੋਜਿਤ ਕਰਨ ਦੀ ਪ੍ਰਸ਼ੰਸਾ ਕੀਤੀ। ਡੀਨ ਅਕਾਦਮਿਕ ਡਾ. ਖਾਨ ਨੇ ਵਿਦਿਆਰਥੀਆਂ ਨੂੰ ਇੰਟਰਵਿਊ ਵਿੱਚ ਜਾਗਰੂਕ ਤੇ ਸਕਾਰਾਤਮਕ ਸੋਚ ਨਾਲ ਆਪਣੀ ਗੱਲ ਰੱਖਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਚੁਣੇ ਜਾਣ ਦੀ ਖੁਸ਼ੀ ਅਤੇ ਨਾ ਚੁਣੇ ਜਾਣ ਦਾ ਗਮ ਨਹੀਂ ਕਰਨਾ ਚਾਹੀਦਾ ਸਗੋਂ ਭਵਿੱਖ ਵਿੱਚ ਅਗਲੀ ਪ੍ਰਾਪਤੀ ਲਈ ਯਤਨ ਕਰਨੇ ਚਾਹੀਦੇ ਹਨ। ਡਿਪਟੀ ਡਾਇਰੈਕਟਰ ਟ੍ਰੇਨਿੰਗ ਐਂਡ ਪਲੇਸਮੈਂਟ ਡਾ. ਵਿਕਾਸ ਗੁਪਤਾ ਨੇ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ ਭਾਰਤ ਦੀਆਂ 15 ਤੋਂ ਵੱਧ ਨਾਮਵਰ ਕੰਪਨੀਆਂ ਦੇ ਅਧਿਕਾਰੀਆਂ ਨੇ ਆਪਣੇ ਆਪਣੇ ਅਦਾਰੇ ਲਈ ਯੋਗ ਉਮੀਦਵਾਰ ਸ਼ੋਰਟਲਿਸਟ ਕੀਤੇ। ਰੁਜ਼ਗਾਰ ਮੇਲੇ ਦੇ ਦੂਜੇ ਦਿਨ ਹਾਈਬ੍ਰਿਡ ਮੋਡ ਵਿੱਚ ਲਗਭਗ 12 ਕੰਪਨੀਆਂ ਦੇ ਅਧਿਕਾਰੀਆਂ ਨੇ ਆਪਣੇ ਆਪਣੇ ਅਦਾਰਿਆਂ ਲਈ ਵਿਦਿਆਰਥੀਆਂ ਦੀ ਚੋਣ ਕੀਤੀ। ਮੇਲੇ ਵਿੱਚ 400 ਦੇ ਕਰੀਬ ਵਿਦਿਆਰਥੀ ਪਲੇਸਮੈਂਟ ਲਈ ਹਾਜ਼ਰ ਹੋਏ।ਸਹਾਇਕ ਡਾਇਰੈਕਟਰ ਟ੍ਰੇਨਿੰਗ ਐਂਡ ਪਲੇਸਮੈਂਟ ਡਾ. ਹੇਮੰਤ ਵਾਟਸ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਚੋਣਕਾਰਾਂ ਅਤੇ ਵਰਸਿਟੀ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਤੇ ਪਲੇਸਮੈਂਟ ਅਫ਼ਸਰ ਹਰਸਿਮਰਨ ਕੌਰ ਦਾ ਮੰਚ ਸੰਚਾਲਨ ਕਾਬਿਲ-ਏ-ਤਾਰੀਫ਼ ਰਿਹਾ।ਆਯੋਜਕਾਂ ਵੱਲੋਂ ਰੁਜ਼ਗਾਰ ਪ੍ਰਦਾਤਾ, ਅਦਾਰਿਆਂ ਦੇ ਅਧਿਕਾਰੀਆਂ ਨੂੰ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।



**ਇੰਡਸਟਰੀ ਦੀ ਮੰਗ ਅਨੁਸਾਰ ਜੀ.ਕੇ.ਯੂ. ਵੱਲੋਂ ਨਵੇਂ ਤਕਨੀਕੀ ਕੋਰਸ ਸ਼ੁਰੂ ਕੀਤੇ ਜਾਣ ਦੀ ਯੋਜਨਾ : ਡਾ. ਰਾਮੇਸ਼ਵਰ ਸਿੰਘ**

# ਸਪੇਨ ਦੇ ਰਾਜਦੂਤ ਜਯੰਤ ਖੋਬਰਾਗੜੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਹੋਏ ਨਤਮਸਤਕ



ਨਵੀਂ ਦਿੱਲੀ, 11 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਭਾਰਤ ਵਿਚ ਸਪੇਨ ਦੇ ਰਾਜਦੂਤ ਸ੍ਰੀ ਜਯੰਤ ਖੋਬਰਾਗੜੇ ਦਸਤਾਰ ਸਜਾ ਕੇ ਸੋਸ਼ਲ ਮੀਡੀਆ ਸ਼ਖਸੀਅਤ ਕਾਮਿਆ ਜਾਨੀ ਸਮੇਤ ਇਤਿਹਾਸਕ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਨਤਮਤਸਕ ਹੋਏ। ਇਸ ਮੌਕੇ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਮੀਡੀਆ ਸਲਾਹਕਾਰ ਸਰਦਾਰ ਸੁਦੀਪ ਸਿੰਘ ਦੀ ਅਗਵਾਈ ਹੇਠ ਕਮੇਟੀ ਦੀ ਟੀਮ ਨੇ ਰਾਜਦੂਤ ਤੇ ਕਾਮਿਆ ਜਾਨੀ ਨੂੰ ਸਨਮਾਨਤ ਕੀਤਾ। ਇਸ ਮੌਕੇ ਗੁਰਦੁਆਰਾ ਬੰਗਲਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਣਜੀਤ ਸਿੰਘ ਵੱਲੋਂ ਰਾਜਦੂਤ ਅਤੇ ਕਾਮਿਆ ਜਾਨੀ ਨੂੰ ਸਿਰੋਪਾ ਭੇਂਟ ਕੀਤਾ।ਰਾਜਦੂਤ ਸ੍ਰੀ ਜਯੰਤ ਖੋਬਰਾਗੜੇ ਲੰਗਰ ਹਾਲ ਵਿਖੇ ਵੀ ਪਹੁੰਚੇ ਜਿਥੇ ਉਹਨਾਂ ਨੇ ਲੰਗਰ ਵਰਤਾਉਣ ਦੀ ਸੇਵਾ ਕੀਤੀ। ਇਸ ਮੌਕੇ ਸ੍ਰੀ ਜਯੰਤ ਖੋਬਰਾਗੜੇ ਨੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿਚ ਮੁਫਤ ਐਮ ਆਰ ਆਈ/ਸੀ ਟੀ ਸਕੈਨ ਸੇਵਾ ਸਮੇਤ ਚਲਾਏ ਜਾ ਰਹੇ ਵੱਖ-ਵੱਖ ਸਿਹਤ ਖੇਤਰ ਦੇ ਪ੍ਰਾਜੈਕਟਾਂ ਦੀ ਸਮੀਖਿਆ ਵੀ ਕੀਤੀ। ਉਹਨਾਂ ਕਿਹਾ ਕਿ ਉਹਨਾਂ ਨੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਮਨੁੱਖਤਾ ਦੀ ਸੇਵਾ ਕਰਨ ਦੇ ਬਹੁਤ ਕਿੱਸੇ ਸੁਣੇ ਸਨ ਪਰ ਅੱਜ ਉਹਨਾਂ ਖੁਦ ਵੇਖ ਲਿਆ ਹੈ ਕਿ ਕਮੇਟੀ ਕਿਵੇਂ ਮਨੁੱਖਤਾ ਦੀ ਵਿਆਪਕ ਸੇਵਾ ਕਰ ਰਹੀ ਹੈ ਜਿਸ ਵਾਸਤੇ ਉਹ ਵਧਾਈ ਦੀ ਪਾਤਰ ਹੈ। ਇਸ ਮੌਕੇ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਮੀਡੀਆ ਸਲਾਹਕਾਰ ਸਰਦਾਰ ਸੁਦੀਪ ਸਿੰਘ ਨੇ ਕਿਹਾ ਕਿ ਇਹ ਬਹੁਤ ਹੀ ਚੰਗੀ ਗੱਲ ਹੈ ਕਿ ਸਪੇਨ ਦੇ ਰਾਜਦੂਤ ਦਸਤਾਰ ਸਜ਼ਾ ਕੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਨਤਮਤਸਕ ਹੋਏ ਹਨ। ਉਹਨਾਂ ਕਿਹਾ ਕਿ ਉਹਨਾਂ ਦੀ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਾਜੈਕਟਾਂ ਵਿਚ ਉਤਸੁਕਤ ਦਰਸਾਉਂਦੀ ਹੈ ਕਿ ਉਹ ਵੀ ਮਨੁੱਖਤਾ ਦੀ ਸੇਵਾ ਵਿਚ ਬਹੁਤ ਵੱਡਾ ਵਿਸ਼ਵਾਸ ਰੱਖਦੇ ਹਨ। ਉਹਨਾਂ ਨੇ ਸੋਸ਼ਲ ਮੀਡੀਆ ਸ਼ਖਸੀਅਤ ਕਾਮਿਆ ਜਾਨੀ ਦਾ ਵੀ ਧੰਨਵਾਦ ਕੀਤਾ ਜਿਹਨਾਂ ਨੇ ਇਹ ਪ੍ਰੋਗਰਾਮ ਉਲੀਕਿਆ ਜਿਸਨੂੰ ਅਮਲੀ ਜਾਮਾ ਪਹਿਨਾਇਆ ਜਾ ਸਕਿਆ। ਉਹਨਾਂ ਨੇ ਭਰੋਸਾ ਦੁਆਇਆ ਕਿ ਸਿੱਖ ਧਰਮ ਅਤੇ ਸਿੱਖੀ ਜੀਵਨ ਜੁਗਤ ਦੇ ਮਾਮਲੇ ਵਿਚ ਕਿਸੇ ਵੀ ਜਾਣਕਾਰੀ ਹਾਸਲ ਕਰਨ ਵਾਸਤੇ ਉਹ ਹਮੇਸ਼ਾ ਉਪਲਬਧ ਹਨ। ਮੀਡੀਆ ਸਲਾਹਕਾਰ ਸਰਦਾਰ ਸੁਦੀਪ ਸਿੰਘ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਹਮੇਸ਼ਾ ਹੀ ਦੇਸ਼ ਵਿਦੇਸ਼ ਤੋਂ ਪੁੱਜਦੀਆਂ ਸ਼ਖਸੀਅਤਾਂ ਨੂੰ ਗੁਰੂ ਘਰਾਂ ਵਿਚ ਪਹੁੰਚਣ ਅਤੇ ਨਤਮਸਤਕ ਹੋਣ ਸਮੇਂ ਪੂਰਨ ਸਹਿਯੋਗ ਤੇ ਸਤਿਕਾਰ ਦਿੰਦੀ ਹੈ ਤੇ ਹਮੇਸ਼ਾ ਦਿੰਦੀ ਰਹੇਗੀ। ਉਹਨਾਂ ਆਸ ਪ੍ਰਗਟਾਈ ਕਿ ਅਜਿਹੀਆਂ ਵਿਲੱਖਣ ਸ਼ਖਸੀਅਤਾਂ ਦੇ ਦਸਤਾਰ ਧਾਰਨ ਕਰ ਕੇ ਨਤਮਸਤਕ ਹੋਣ ਨਾਲ ਦੁਨੀਆਂ ਭਰ ਵਿਚ ਸਿੱਖੀ ਦਾ ਸੰਦੇਸ਼ ਪਹੁੰਚਾਉਣ ਵਿਚ ਹੋਰ ਮਦਦ ਮਿਲੇਗੀ।

# ਪ੍ਰੋ. ਭੁੱਲਰ ਦੀ ਰਿਹਾਈ ਵਾਲੀ ਪਟੀਸ਼ਨ ਰੱਦ ਕਰਨ ਤੇ ਭਾਜਪਾ ਦਾ ਦੋਗਲਾ ਚੇਹਰਾ ਨੰਗਾ ਹੋਇਆ: ਪੰਮਾ ਬਾਠ

ਧੂਰੀ ( ਰਣਜੀਤ ਸਿੰਘ ਪੇਧਨੀ ) ਦਿੱਲੀ ਦੀ ਭਾਜਪਾ ਸਰਕਾਰ ਵੱਲ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਨੂੰ ਮੁੜ ਰੱਦ ਕਰਨ ਦੇ ਫੈਸਲੇ ਦੀ ਕਰੜੀ ਨਿੰਦਾ ਕਰਦਿਆਂ ਸ੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕਿਹਾ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਕਈ ਵਾਰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਸਜ਼ਾ ਸਮੀਖਿਆ ਬੋਰਡ ਵੱਲੋਂ ਰੱਦ ਕੀਤੀ ਗਈ ਸੀ ਅਤੇ ਹੁਣ ਭਾਜਪਾ ਦੀ ਸਰਕਾਰ ਵੀ ਉਸੇ ਰਸਤੇ 'ਤੇ ਚੱਲਦਿਆਂ ਸਿੱਖ ਭਾਵਨਾਵਾਂ ਦੇ ਵਿਰੁੱਧ ਫੈਸਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ



ਸਜ਼ਾ ਸਮੀਖਿਆ ਬੋਰਡ ਵੱਲੋਂ ਕਈ ਕੈਦੀਆਂ ਦੀ ਸਜ਼ਾ ਮੁਆਫ਼ ਕਰਨ ਦੀ ਸਿਫ਼ਾਰਸ਼ ਕੀਤੀ ਗਈ ਹੈ, ਜਦਕਿ 33 ਸਾਲ ਤੋਂ ਸਜ਼ਾ ਭੁਗਤ ਰਹੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਨੂੰ ਰੱਦ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਇਕ ਪਾਸੇ ਸਿੱਖ ਹਤੈਸ਼ੀ ਹੋਣ ਦਾ ਦਾਅਵਾ ਕਰਦੀ ਹੈ, ਪਰ ਸਿੱਖਾਂ ਨਾਲ ਸਬੰਧਤ ਮਾਮਲਿਆਂ ਵਿਚ ਸਰਕਾਰ ਦੀ ਪਹੁੰਚ ਉਸ ਦੇ ਦੋਹਰੇ ਚਿਹਰੇ ਨੂੰ ਬਿਆਨ ਕਰਦੀ ਹੈ। ਉਨਾਂ ਕਿਹਾ ਕਿ ਸਿੱਖਾਂ ਨੇ ਦੇਸ਼ ਲਈ ਹਮੇਸ਼ਾ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਪ੍ਰੰਤੂ ਸਿੱਖਾਂ ਪ੍ਰਤੀ ਸਰਕਾਰਾਂ ਦੀ ਨਕਾਰਾਤਮਕ ਪਹੁੰਚ ਨੇ ਹਮੇਸ਼ਾ ਨਿਰਾਸ਼ਾ ਦਿੱਤੀ ਹੈ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਰਮੀਤ ਸਿੰਘ ਕਾਲਕਾ ਨੇ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਕੇ

# ਆਪਣਾ ਦੋਗਲਾ ਚੇਹਰਾ ਕੀਤਾ ਉਜਾਗਰ: ਵੀਰਜੀ



ਨਵੀਂ ਦਿੱਲੀ 11 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਬੀਤੇ ਕੁਝ ਦਿਨ ਪਹਿਲਾਂ ਹਰਵਿੰਦਰ ਸਿੰਘ ਸਰਨਾ ਨੇ ਦਿੱਲੀ ਕਮੇਟੀ ਦੀਆਂ ਚੋਣਾਂ ਅਤੇ ਕੁਝ ਹੋਰ ਗੰਭੀਰ ਵਿਸ਼ਿਆਂ ਉਪਰ ਰਾਹੁਲ ਗਾਂਧੀ ਨਾਲ ਮੁਲਾਕਾਤ ਦੌਰਾਨ ਦਿੱਤੇ ਗਏ ਮੈਮੋਰੰਡਮ ਨੂੰ ਸੰਸਦ ਵਿਚ ਚੁੱਕਣ ਲਈ ਕਿਹਾ ਸੀ । ਇਸ ਬਾਰੇ ਦਿੱਲੀ ਕਮੇਟੀ ਦੇ ਪ੍ਰਬੰਧਕਾਂ ਨੇ ਬਹੁਤ ਹੋ-ਹੱਲਾ ਮਚਾਇਆ ਤੇ ਹਰਵਿੰਦਰ ਸਿੰਘ ਸਰਨਾ ਨੂੰ ਗੱਦਾਰ ਤਕ ਕਹਿ ਦਿੱਤਾ ਅਤੇ ਕੁਝ ਨੇ ਮੁਜਾਹਿਰਾ ਤਕ ਕਰ ਦਿੱਤਾ ਸੀ । ਹੁਣ ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਦੀ ਰਾਹੁਲ ਗਾਂਧੀ ਨਾਲ ਮੁਲਾਕਾਤ ਦੀਆਂ ਫੋਟੋਆਂ ਦੇਖਣ ਨੂੰ ਮਿਲ਼ ਰਹੀਆਂ ਹਨ ਪਰ ਦਿੱਲੀ ਕਮੇਟੀ ਸਕੱਤਰ ਅਤੇ ਕੁਝ ਮੈਂਬਰ ਜਿਨ੍ਹਾਂ ਮੁਜਾਹਿਰਾ ਕੀਤਾ ਸੀ ਨਾਲ ਹੀ ਹਰਵਿੰਦਰ ਸਿੰਘ ਸਰਨਾ ਬਾਰੇ ਪ੍ਰੈਸ ਕਾਨਫਰੰਸ ਕਰਕੇ ਉਨ੍ਹਾਂ ਨੂੰ ਗੱਦਾਰ ਕਹਿ ਰਹੇ ਸਨ ਹੁਣ ਕਿਉਂ ਨਹੀਂ ਬੋਲ ਰਹੇ ਕਿਉਂ ਨਹੀਂ ਪ੍ਰੈਸ ਕਾਨਫਰੰਸ ਕਰ ਰਹੇ ਹਨ ਹੁਣ ਕਿਉਂ ਉਨ੍ਹਾਂ ਦੀਆਂ ਜ਼ੁਬਾਨਾਂ ਨੂੰ ਲੱਕਵਾ ਮਾਰ ਗਿਆ ਹੈ । ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਸਰਨਾ ਜੀ ਨੇ ਤਾਂ ਮੀਡੀਆ ਰਾਹੀਂ ਸਭ ਨੂੰ ਦਸ ਦਿੱਤਾ ਕਿ ਉਨ੍ਹਾਂ ਦੀ ਮੁਲਾਕਾਤ ਦਿੱਲੀ ਕਮੇਟੀ ਚੋਣਾਂ ਅਤੇ ਕਮੇਟੀ ਦੇ ਹੀ ਗੰਭੀਰ ਮੁਦਿਆਂ ਉਪਰ ਸੀ। ਹੁਣ ਸੁਆਲ ਉੱਠਦਾ ਹੈ ਹਰਮੀਤ ਸਿੰਘ ਕਾਲਕਾ ਜੋ ਕਿ ਕੁਝ ਦਿਨ ਪਹਿਲਾਂ ਰਾਹੁਲ ਗਾਂਧੀ ਨਾਲ ਮਿਲਣ ਵਾਲੇ ਸਰਨਾ ਜੀ ਨੂੰ ਗੱਦਾਰ ਕਹਿ ਰਹੇ ਸਨ ਤੇ ਹੁਣ ਓਹ ਆਪ ਰਾਹੁਲ ਗਾਂਧੀ ਨਾਲ ਮੁਲਾਕਾਤ ਕਰ ਰਹੇ ਹਨ ਉਨ੍ਹਾਂ ਨੂੰ ਕਿ ਕਿਹਾ ਜਾਣਾ ਚਾਹੀਦਾ ਹੈ.. ? ਉਨ੍ਹਾਂ ਕਿਹਾ ਇਹ ਲੋਕ ਕਿਸੇ ਦੇ ਸਗੇ ਨਹੀਂ ਹਨ ਜਿਸ ਪਾਸੇ ਤੇਲ ਦੀ ਧਾਰ ਦੇਖਦੇ ਹਨ ਓਸ ਪਾਸੇ ਵਗ ਪੈਂਦੇ ਹਨ ਹੁਣ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ ਤੇ ਇੰਨ੍ਹਾ ਨਿੱਜ ਖਾਤਿਰ ਐਮਪੀ ਦੀ ਟਿਕਟ ਲੈਣ ਲਈ ਰਾਜਨੀਤਿਕ ਲੀਡਰਾਂ ਅੱਗੇ ਲੇਲੜੀਆਂ ਕਢਣੀਆਂ ਹਨ ਕਿਉਕਿ ਇੰਨ੍ਹਾ ਨੂੰ ਪੰਥ ਅਤੇ ਕੌਮ ਨਾਲ ਕੋਈ ਲੈਣਾ ਦੇਣਾ ਨਹੀਂ ਹੈ । ਉਨ੍ਹਾਂ ਕਿਹਾ ਕਿ ਸਾਨੂੰ ਖਦਸ਼ਾ ਹੈ ਕਿ ਹਰਮੀਤ ਸਿੰਘ ਕਾਲਕਾ ਅਤੇ ਰਾਹੁਲ ਗਾਂਧੀ ਦੀ ਮੁਲਾਕਾਤ ਆਣ ਵਾਲੀਆਂ ਚੋਣਾਂ ਵਿਚ ਕੁਝ ਟਿਕਟਾਂ ਲੈਣ ਲਈ ਕੀਤੀ ਗਈ ਹੋ ਸਕਦੀ ਹੈ ਕਿਉਕਿ ਸਤਾਧਿਰ ਸਰਕਾਰ ਕੋਲੋਂ ਇੰਨ੍ਹਾ ਨੂੰ ਦੋ ਜਾ ਤਿੰਨ ਟਿਕਟਾਂ ਮਿਲਣ ਦੀ ਹੀ ਉੱਮੀਦ ਹੈ ਜਿਸ ਕਰਕੇ ਇਹ ਆਪਣੇ ਮੂੰਹ ਤੋਂ ਗੱਦਾਰ ਕਹਿਣ ਵਾਲੇ ਨੂੰ ਵੀ ਮਿਲਣ ਵਿਚ ਕੋਈ ਸ਼ਰਮ ਨਹੀਂ ਕਰ ਰਹੇ ਹਨ । ਉਨ੍ਹਾਂ ਕਮੇਟੀ ਦੇ ਸਕੱਤਰ ਜਗਦੀਪ ਸਿੰਘ ਕਾਹਲੋਂ ਨੂੰ ਕਿਹਾ ਕਿ ਤੁਸੀਂ ਹਰਮੀਤ ਸਿੰਘ ਕਾਲਕਾ ਦੀ ਰਾਹੁਲ ਗਾਂਧੀ ਨਾਲ ਮੁਲਾਕਾਤ ਬਾਰੇ ਜੱਥੇਦਾਰ ਅਕਾਲ ਤਖਤ ਨੂੰ ਸ਼ਿਕਾਇਤ ਦਰਜ਼ ਕਰਵਾਉਗੇ ਜਾ ਨਹੀਂ ਇਹ ਸੰਗਤ ਨੂੰ ਦਸਿਆ ਜਾਏ ਤੇ ਜ਼ੇਕਰ ਨਹੀਂ ਕਰਵਾਂਦੇ ਹੋ ਤਦ ਤੁਹਾਡਾ ਵੀ ਦੋਗਲਾ ਕਿਰਦਾਰ ਸੰਗਤਾਂ ਅੱਗੇ ਨਸ਼ਰ ਹੋ ਜਾਏਗਾ ਕਿ ਤੁਸੀਂ ਕਥਨੀ ਅਤੇ ਕਰਣੀ ਵਿਚ ਬਹੁਤ ਫਰਕ ਹੈ । ਉਨ੍ਹਾਂ ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਅਪੀਲ ਕਰਦਿਆਂ ਕਿਹਾ ਕਿ ਦਿੱਲੀ ਕਮੇਟੀ ਪ੍ਰਬੰਧਕਾਂ ਵਲੋਂ ਝੂਠੀਆਂ ਅਤੇ ਤਖਤ ਸਾਹਿਬ ਦੇ ਅਕਸ ਨੂੰ ਢਾਹ ਲਗਾਂਦੀਆਂ ਕੀਤੀਆਂ ਜਾਂਦੀਆਂ ਸ਼ਿਕਾਇਤਾਂ ਨੂੰ ਦੇਖਦਿਆਂ ਇੰਨ੍ਹਾ ਉਪਰ ਸਖ਼ਤ ਕਾਰਵਾਈ ਕੀਤੀ ਜਾਏ ।

**ਹਰਮੀਤ ਸਿੰਘ ਕਾਲਕਾ ਰਾਹੁਲ ਗਾਂਧੀ ਦੀ ਮੁਲਾਕਾਤ ਬਾਰੇ ਕਮੇਟੀ ਸਕੱਤਰ ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਸ਼ਿਕਾਇਤ ਕਿਉਂ ਨਹੀਂ ਲਿਖ ਰਹੇ**

# ਕਾਸ਼ ! ਸਰਕਾਰ ਮਾਂ ਬੋਲੀ ਲਈ ਵੀ ਕੁਝ ਅਜਿਹਾ ਕਰ ਜਾਏ

**ਪਿਛਲੇ** ਦਿਨੀਂ ਬਠਿੰਡਾ ਦੇ ਮਾਨਯੋਗ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਜੀ ਵੱਲੋਂ ਅਖਵਾਰਾਂ ਵੰਡਣ ਵਾਲੇ 50 ਹਾਕਰਾਂ ਨੂੰ ਸਾਇਕਲ ਤੇ ਜੈਕੇਟ ਵੰਡੇ। ਖ਼ਬਰ ਪੜ੍ਹਕੇ ਮਨ ਨੂੰ ਸਕੂਨ ਜਿਹਾ ਮਿਲਿਆ, ਕਿ ਕੋਈ ਤਾਂ ਉੱਠਿਆ ਇਹਨਾਂ ਸਖ਼ਤ ਮਿਹਨਤ ਕਰਨ ਵਾਲੇ ਅਣਗੋਲੇ ਬੰਦਿਆਂ ਦੀ ਸਮੱਸਿਆ ਸਮਝ ਕੇ ਉਸ ਨੂੰ ਹੱਲ ਕਰਨ ਲਈ ਤੁਰੰਤ ਕਾਰਵਾਈ ਕੀਤੀ।ਖ਼ਬਰ ਸਾਹਮਣੇ ਆ,"ਜ਼ਿਲ੍ਹਾ ਪ੍ਰਸ਼ਾਸਨ ਅਤੇ ਰੈੱਡ ਕਰਾਸ ਸੋਸਾਇਟੀ ਦੇ ਸਾਂਝੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿੱਚ ਹੋਏ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਸਾਹਿਬ ਦੇ ਨਾਲ ਐਸ ਐਸ ਪੀ ਡਾ ਜਯੋਤੀ ਯਾਦਵ ਬੈਂਸ ਅਤੇ ਮੇਅਰ ਪਦਮ ਜੀਤ ਮਹਿਤਾ ਵੀ ਹਾਜ਼ਰ ਰਹੇ।ਇਸ ਮੌਕੇ ਸ੍ਰੀ ਰਾਜੇਸ਼ ਧੀਮਾਨ ਨੇ ਕਿਹਾ ਕਿ ਸਮਾਜ ਵਿੱਚ ਇੱਕ ਵਰਗ ਅਖਬਾਰ ਵੰਡਣ ਵਾਲਿਆਂ ਦਾ ਹੁੰਦਾ ਹੈ।ਅਖਵਾਰੀ ਹਾਕਰਾਂ ਨੂੰ ਆਪਣੇ ਸ਼ਬਦਾਂ ਵਿੱਚ ਸਨਮਾਨ ਦਿੰਦਿਆਂ ਉਨ੍ਹਾਂ ਕਿਹਾ ਕਿ ਮੀਂਹ ਜਾਏ ਜਾਂ ਹਨੇਰੀ ,ਇਹ ਮਿਹਨਤ ਕਸ ਲੋਕ ਸਵੇਰੇ 4,5 ਵਜੇ ਉੱਠ ਕੇ ਲੋਕਾਂ ਦੇ ਘਰਾਂ ਤੱਕ ਅਖਬਾਰ ਪਹੁੰਚਾਉਂਦੇ ਹਨ। ਇਹ ਪਾਰਟ ਟਾਇਮ ਕੰਮ ਕਰਦੇ ਹਨ, ਅਖਬਾਰ ਵੰਡਣ ਤੋਂ ਬਾਅਦ ਇਹ ਆਪਣੇ ਅਗਲੇ ਕੰਮ ਲਈ ਚਲੇ ਜਾਂਦੇ ਹਨ। ਇਹ ਅਖਵਾਰਾਂ ਵੰਡਣ ਦਾ ਕੰਮ ਸਾਈਕਲ ਤੇ ਕਰਦੇ ਹਨ।ਆਮ ਤੌਰ ਤੇ ਇਹ ਸਾਈਕਲ ਪੁਰਾਣੇ ਹੁੰਦੇ ਹਨ ਅਤੇ ਅਖਵਾਰਾਂ ਵੰਡਣ ਸਮੇਂ ਇਹਨਾਂ ਵਿੱਚ ਕੋਈ ਨਾ ਕੋਈ ਖਰਾਬੀ ਆ ਜਾਂਦੀ ਹੈ। ਇਸ ਕਰਕੇ ਇਹਨਾਂ ਨੂੰ ਅਖਬਾਰ ਵੰਡਣ ਅਤੇ ਅਗਲੇ ਕੰਮ ਤੇ ਜਾਣ ਲਈ ਦੇਰੀ ਹੋ ਜਾਂਦੀ ਹੈ। ਇਸ ਲਈ ਇਹਨਾਂ ਦੀਆਂ ਮੁਸਕਲਾਂ ਨੂੰ ਦੇਖਦਿਆਂ ਇਹਨਾਂ ਨੂੰ ਨਵੇਂ ਸਾਈਕਲ ਤੇ ਜੈਕੇਟ ਮੁਫ਼ਤ ਦਿੱਤੀਆਂ ਗਈਆਂ ਹਨ।ਉਹਨਾਂ ਚੇਤੇ ਕਰਦਿਆਂ ਕਿਹਾ ਕਿ ਜਿੱਥੇ ਅਖਬਾਰ ਹਾਕਰ ਲੋਕਤੰਤਰ ਦੀ ਮਜ਼ਬੂਤ ਨੀਂਹ ਹਨ, ਉੱਥੇ ਹੀ ਇਹ ਸੂਚਨਾ ਦੇ ਪ੍ਰਸਾਰ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਨਾਲ ਕਿਰਤੀ ਵਰਗ ਨੂੰ ਹੌਸਲਾ ਮਿਲਦਾ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਵਿੱਚ ਕਦੇ ਕਦੇ ਸ੍ਰੀ ਰਾਜੇਸ਼ ਧੀਮਾਨ ਜੀ ਵਰਗੇ ਲੋਕਾਂ ਦੇ ਸਦਕਾ ਮਾਣ ਮਹਿਸੂਸ ਹੁੰਦਾ ਹੈ। ਮੈਨੂੰ ਯਾਦ ਹੈ ਕਿ ਇੱਕ ਵਾਰ ਤਤਕਾਲੀ ਐਸ ਐਸ ਪੀ ਬਰਨਾਲਾ ਸ੍ਰ ਹਰਜੀਤ ਸਿੰਘ,ਜੋ ਕਿ ਅੱਜ ਕੱਲ੍ਹ ਬਤੌਰ ਡੀ ਆਈ ਜੀ ਫ਼ਰੀਦਕੋਟ ਰੇਂਜ ਸੇਵਾਵਾਂ ਨਿਭਾ ਰਹੇ ਹਨ, ਵੱਲੋਂ ਤਿੰਨ ਦਿਨ ਬਰਨਾਲਾ ਵਿਖੇ ਪਹਿਲੀ ਵਾਰ ਵੱਡਾ ਪੁਸਤਕ ਮੇਲਾ ਲਗਾਇਆ ਗਿਆ, ਜਿੱਥੇ ਦੇਸ਼ ਵਿਦੇਸ਼ ਦੇ ਲੇਖਕਾਂ ਦੀਆਂ ਪੁਸਤਕਾਂ ਪਾਠਕਾਂ ਨੇ ਖਰੀਦੀਆਂ।ਇਸ ਮੇਲੇ ਵਿੱਚ ਨਾਮਵਰ ਪੰਜਾਬੀ ਲੇਖਕਾਂ ਨੂੰ ਵੀ ਪਾਠਕਾਂ, ਸਰੋਤਿਆਂ ਦੇ ਰੂਬਰੂ ਕਰਵਾਇਆ ਗਿਆ।ਇਸ ਤੋਂ ਬਾਅਦ ਜਗਰਾਓਂ, ਫ਼ਰੀਦਕੋਟ ਤੇ ਹੋਰ ਵੀ ਜਿੱਥੇ ਇਸ ਮਾਣਮੱਤੀ ਸ਼ਖ਼ਸੀਅਤ ਨੇ ਸੇਵਾਵਾਂ ਦਿੱਤੀਆਂ, ਉੱਥੇ ਉੱਥੇ ਹੀ ਪੁਸਤਕ ਮੇਲਾ ਲਗਾਇਆ ਗਿਆ।ਇਹ ਵੀ ਵਰਨਣਯੋਗ ਹੈ ਕਿ ਸ੍ਰ ਹਰਜੀਤ ਸਿੰਘ ਜੀ ਦੀ ਆਪਣੀ ਲਿਖੀ ਹੋਈ ਕੋਈ ਪੁਸਤਕ ਹਜੇ ਤੱਕ ਸਾਹਮਣੇ ਨਹੀਂ ਆਈ, ਜਦਕਿ ਬਹੁਤ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਪੰਜਾਬੀ ਸਾਹਿਤ ਅੰਦਰ ਬਹੁਤ ਪੁਸਤਕਾਂ ਆਈਆਂ ਹੋਈਆਂ ਹਨ। ਕਰੋਨਾ ਵਾਇਰਸ ਦੇ ਸ਼ੁਰੂਆਤੀ ਦਿਨਾਂ ਤੋਂ ਲੈਕੇ ਅੱਜ ਤੱਕ ਪ੍ਰਿੰਟ ਮੀਡੀਆ ਨੂੰ ਬਹੁਤ ਵੱਡੀ ਮਾਰ ਪਈ ਹੈ। ਬਹੁਤ ਸਾਰੇ ਪੰਜਾਬੀ ਮੈਗਜ਼ੀਨ ਇਸਦੀ ਭੇਂਟ ਚੜ੍ਹ ਕੇ ਬੰਦ ਹੋ ਗਏ ਹਨ। ਪ੍ਰਿੰਟ ਮੀਡੀਆ ਦੇ ਪੰਜਾਬ ਦੇ ਮੁੱਖ ਸ਼ਹਿਰਾਂ ਵਿੱਚ ਵੱਡੇ ਵੱਡੇ ਟਿਕਾਣੇ ਵੀ ਖਤਮ ਹੋ ਚੁੱਕੇ ਹਨ। ਲੁਧਿਆਣੇ ਦੇ ਬਸ ਸਟੈਂਡ ਵਿੱਚ ਓਸ਼ੋ ਬੁੱਕ ਸ਼ਾਪ, ਜਿੱਥੋਂ ਪਾਠਕਾਂ ਨੂੰ ਅਖਬਾਰ, ਰਸਾਲੇ ਅਤੇ ਪੁਸਤਕਾਂ ਮਿਲਦੀਆਂ ਸਨ, ਹੁਣ ਉੱਥੇ ਚਾਹ ਦਾ ਹੋਟਲ ਤੋਂ ਬਰੈੱਡ ਪਕੌੜੇ ਬਣਾਉਣ ਦਾ ਕੰਮ ਹੁੰਦਾ ਹੈ। ਬਠਿੰਡਾ ਦੇ ਬੱਸ ਸਟੈਂਡ ਦੇ ਅੰਦਰ ਵੋਹਰਾ ਬੁੱਕ ਸ਼ਾਪ ਕਿਰਾਏ ਪੂਰੇ ਨਾ ਹੋਣ ਕਾਰਨ ਬਸ ਸਟੈਂਡ ਤੋਂ ਬਾਹਰ ਨਿਕਲ ਗਿਆ।ਵਾਲੀਆ ਨਿਊਜ਼ ਏਜੰਸੀ ਬਰਨਾਲਾ ਦੇ ਮਾਲਕ ਰਾਜੂ ਤੇ ਬੰਟੀ ਨੇ ਵੀ ਬੱਸ ਸਟੈਂਡ ਦੇ ਬਾਹਰ ਜੁੱਤੀਆਂ ਦੀ ਦੁਕਾਨ ਖੋਲ੍ਹ ਲਈ ਹੈ, ਪੁੱਛਿਆ ਤਾਂ ਕਹਿੰਦੇ ਕਿ ਬੱਸ ਸਟੈਂਡ ਵਿੱਚ ਕਿਰਾਏ ਬਹੁਤ ਜ਼ਿਆਦਾ ਵਧਾ ਦਿੱਤਾ ਗਿਆ ਹੈ। ਮੋਗਾ ਦੇ ਪਿਰਤਪਾਲ ਸਿੰਘ ਨੂੰ ਸਾਹਿਤਕ ਹਲਕਿਆਂ ਵਿੱਚ ਕੌਣ ਨਹੀਂ ਜਾਣਦਾ।ਉਹ ਆਪ ਵੀ ਪੁਸਤਕ ਪਬਲੀਕੇਸ਼ਨਜ਼ ਦਾ ਕੰਮ ਕਰਦੇ ਹਨ,ਬੱਸ ਸਟੈਂਡ ਵਿੱਚ ਉਨ੍ਹਾਂ ਦੀ ਬੁੱਕ ਸ਼ਾਪ ਕਦੇ ਪੂਰੀ ਚੜ੍ਹਾਈ ਵਿੱਚ ਹੁੰਦੀ ਸੀ ਪਰ ਹਾਲਾਤ ਦੀ ਮਾਰ ਤੋਂ ਉਹ ਵੀ ਨਹੀਂ ਬਚ ਸਕਿਆ। ਉਨ੍ਹਾਂ ਨੂੰ ਵੀ ਵਧੇ ਹੋਏ ਕਿਰਾਏ ਕਾਰਨ ਬੱਸ ਸਟੈਂਡ ਤੋਂ ਬਾਹਰ ਆਉਣਾ ਪਿਆ। ਪੰਜਾਬ ਦੇ ਹਰੇਕ ਵੱਡੇ ਛੋਟੇ ਸ਼ਹਿਰਾਂ ਕਸਬਿਆਂ ਵਿੱਚ,ਜਿੱਥੋਂ ਪਾਠਕਾਂ ਨੂੰ ਅਖਬਾਰ, ਰਸਾਲੇ ਅਤੇ ਪੁਸਤਕਾਂ ਸੌਖਿਆਂ ਹੀ ਮਿਲ ਜਾਂਦੀਆਂ ਸਨ, ਹੁਣ ਇਹ ਅੱਡੇ ਟਿਕਾਣੇ ਖਤਮ ਹੋ ਗਏ ਹਨ। ਸਾਡੀ ਸਰਕਾਰ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਤੇ ਪਸਾਰ ਲਈ ਬਹੁਤ ਜ਼ਿਆਦਾ ਵਧੀਆ ਕੰਮ ਕਰ ਰਹੀ ਹੈ। ਜੇਕਰ ਪੰਜਾਬ ਸਰਕਾਰ ਪੰਜਾਬ ਦੇ ਮੁੱਖ ਸ਼ਹਿਰਾਂ ਕਸਬਿਆਂ ਵਿੱਚ ਇਹਨਾਂ ਬੱਸ ਸਟੈਂਡ ਵਿੱਚ ਬਣੀਆਂ ਇਹਨਾਂ ਦੁਕਾਨਾਂ ਨੂੰ ਪੰਜਾਬੀ ਮਾਂ ਬੋਲੀ ਦੇ ਹਿੱਤ ਵਿੱਚ ਲਾਜ਼ਮੀ ਤੌਰ ਤੇ ਥੋੜੇ ਕਿਰਾਏ ਤੇ ਦੇਣ ਦਾ ਫੈਸਲਾ ਕਰ ਲਵੇ ਤਾਂ ਇੱਕ ਹੱਦ ਤੱਕ ਪੰਜਾਬੀ ਸਾਹਿਤ ਇੰਡਸਟਰੀ ਨੂੰ ਮੁੜ ਸੁਰਜੀਤ ਕੀਤਾ ਜਾ ਸਕਦਾ ਹੈ। ਇਹਨਾਂ ਦੁਕਾਨਾਂ ਨੂੰ ਵਪਾਰਕ ਦੁਕਾਨਾਂ ਦੀ ਬਜਾਏ ਪੰਜਾਬੀ ਸਾਹਿਤ ਦੇ ਵਿਕਾਸ ਲਈ ਅਤੇ ਸੂਚਨਾਵਾਂ ਦੇ ਪ੍ਰਚਾਰ ਤੇ ਪ੍ਰਸਾਰ ਲਈ ਦੇਖਿਆ ਜਾਣਾ ਚਾਹੀਦਾ ਹੈ।ਇਹ ਅਖਵਾਰਾਂ, ਰਸਾਲਿਆਂ ਅਤੇ ਪੁਸਤਕਾਂ ਵੇਚਣ ਵਾਲਿਆਂ ਲਈ ਇੱਕ ਹੌਸਲਾ ਦੇਣ ਵਾਲੀ ਗੱਲ ਹੋਵੇਗੀ।ਉਂਝ ਵੀ ਸੋਸ਼ਲ ਮੀਡੀਆ ਦੇ ਚਲਦਿਆਂ ਪ੍ਰਿੰਟ ਮੀਡੀਆ ਤੇ ਅਖਵਾਰਾਂ, ਰਸਾਲਿਆਂ ਅਤੇ ਪੁਸਤਕਾਂ ਵਿਚ ਜ਼ਿਆਦਾ ਕਮਾਈ ਨਹੀਂ। ਵਿਕਰੇਤਾਵਾਂ ਨੂੰ 10,20 ਪ੍ਰਤੀਸ਼ਤ ਕਮਿਸ਼ਨ ਮਿਲਦਾ ਹੈ,ਜਿਸ ਨਾਲ ਉਹ ਸਾਰੇ ਦਿਨ ਲਈ ਬੱਝਕੇ ਬੈਠਣ ਲਈ ਪਾਬੰਦ ਹੁੰਦੇ ਹਨ।

**-ਅਵਤਾਰ ਸਿੰਘ ਰਾਇਸਰ, ਬਰਨਾਲਾ 98143 21087**

# ਸਕੂਲ-ਮਾਪੇ ਸਾਂਝ ਨਾਲ ਬੱਚਿਆਂ ਦੀ ਤਰੱਕੀ ਸੰਭਵ : ਨਰਿੰਦਰ ਬਾਠ



**ਚੌਂਕ ਮਹਿਤਾ, 11 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਪੰਜਾਬ ਸਕੂਲ ਸਿੱਖਿਆ ਮੁਹਿੰਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੰਗੜ ਨੰਗਲ 'ਚ ਮਾਪਿਆਂ ਦੀ ਵਰਕਸ਼ਾਪ ਦਾ ਆਯੋਜਨ ਦੇ ਕੀਤਾ ਗਿਆ। ਵਰਕਸ਼ਾਪ ਦਾ ਮੁੱਖ ਉਦੇਸ਼ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਸਾਂਝ ਮਜ਼ਬੂਤ ਕਰ ਕੇ ਬੱਚਿਆਂ ਦੀ ਪੜ੍ਹਾਈ ਅਤੇ ਸਮੁੱਚੇ ਵਿਕਾਸ ਨੂੰ ਹੋਰ ਬਿਹਤਰ ਬਣਾਉਣਾ ਸੀ ਅਧਿਆਪਕ ਮਾਪੇ ਮਿਲਣੀ ਅਸੈਂਬਲੀ ਸਿੱਖਿਆ ਕੁਆਰਡੀਨੇਟਰ ਮਾਸਟਰ ਨਰਿੰਦਰ ਸਿੰਘ ਬਾਠ ਵੈਰੋ ਨੰਗਲ ਸ਼ਾਮਿਲ ਹੋਏ। ਇਸ ਮੌਕੇ ਸਿੱਖਿਆ ਉਹ ਕੋਆਰਡੀਨੇਟਰ ਨਰਿੰਦਰ ਸਿੰਘ ਬਾਠ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਬੱਚਿਆਂ ਦੀ ਅਸਲੀ ਤਰੱਕੀ ਤਦੋਂ ਹੀ ਸੰਭਵ ਹੈ ਜਦੋਂ ਸਕੂਲ ਅਤੇ ਮਾਪੇ ਇਕ-ਦੂਜੇ ਦੇ ਸਹਿਯੋਗ ਨਾਲ ਕੰਮ ਕਰਨ। ਅਧਿਆਪਕ ਸਿਰਫ ਸਕੂਲ ਤੱਕ ਹੀ ਜ਼ਿੰਮੇਵਾਰ ਨਹੀਂ ਹੁੰਦੇ, ਘਰ ਦਾ ਮਾਹੌਲ ਵੀ ਉਨਾ ਹੀ ਅਹਿਮ ਹੈ। ਜੇ ਮਾਪੇ ਬੱਚਿਆਂ ਨਾਲ ਰੋਜ਼ਾਨਾ ਗੱਲਬਾਤ ਕਰਨ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਸਹੀ ਦਿਸ਼ਾ ਦਿਖਾਉਣ, ਤਾਂ ਬੱਚੇ ਹਰ ਖੇਤਰ 'ਚ ਅੱਗੇ ਵਧ ਸਕਦੇ ਹਨ। 'ਪ੍ਰੀਖਿਆ ਦੀ ਤਿਆਰੀ ਸਾਂਝੀ ਜ਼ਿੰਮੇਵਾਰੀ' ਵਿਸ਼ੇ 'ਤੇ ਸਕੂਲ ਪ੍ਰਿੰਸੀਪਲ ਮੈਡਮ ਰੇਨੂ ਬਾਲਾ, ਲੈਕਚਰਾਰ ਗੁਰਮੀਤ ਸਿੰਘ ਭੋਮਾ ਨੇ ਮਾਪਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਜੇ ਘਰ ਅਤੇ ਸਕੂਲ ਇਕੱਠੇ ਯਤਨ ਕਰਨ ਤਾਂ ਹਰ ਬੱਚਾ ਕਾਮਯਾਬੀ ਦੀ ਮੰਜ਼ਿਲ ਤੱਕ ਪਹੁੰਚ ਸਕਦਾ ਹੈ। ਉਨ੍ਹਾਂ ਨੇ ਮਾਪਿਆਂ ਨੂੰ ਬੱਚਿਆਂ ਦੀ ਦਿਨਚਰਿਆ 'ਤੇ ਨਿਗਰਾਨੀ ਰੱਖਣ ਅਤੇ ਪੜ੍ਹਾਈ ਲਈ ਸਕਾਰਾਤਮਕ ਮਾਹੌਲ ਤਿਆਰ ਕਰਨ ਦੀ ਅਪੀਲ ਕੀਤੀ। ਵਰਕਸ਼ਾਪ ਦੌਰਾਨ ਦਾਖਲਾ ਮੁਹਿੰਮ ਅਤੇ ਨਸ਼ਾ ਰੋਕਥਾਮ ਸਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਮਾਪਿਆਂ ਤੋਂ ਨਸ਼ੇ ਤੋਂ ਦੂਰ ਰਹਿਣ ਅਤੇ ਆਪਣੇ ਬੱਚਿਆਂ ਨੂੰ ਵੀ ਨਸ਼ਿਆਂ ਤੋਂ ਬਚਾਉਣ ਲਈ ਸਹੁੰ ਚੁਕਵਾਈ ਗਈ। ਅਖੀਰ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਰੇਨੂ ਬਾਲਾ ਅਤੇ ਸਟਾਫ ਮੈਂਬਰਾਂ ਵੱਲੋਂ ਅਸੈਂਬਲੀ ਸਿੱਖਿਆ ਕੁਆਰਡੀਨੇਟਰ ਮਾਸਟਰ ਨਰਿੰਦਰ ਸਿੰਘ ਬਾਠ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਅਤੇ ਸਕੂਲ ਪਹੁੰਚਣ ਤੇ ਧੰਨਵਾਦ ਕੀਤਾ।

# ਲੇਖਕ ਭਾਈਚਾਰਾ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿਚ ਸ਼ਾਮਲ ਹੋਵੇਗਾ

## ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਹੜਤਾਲ ਨੂੰ ਸ.ਫਲ ਬਣਾਉਣ ਦਾ ਸੱਦਾ



ਦਰਸ਼ਨ ਬੁੱਟਰ, ਮੱਖਣ ਕੋਹਾੜ , ਸੁਸ਼ੀਲ ਦੁਸਾਂਝ, ਸ਼ੇਲਿੰਦਰਜੀਤ ਸਿੰਘ ਰਾਜਨ, ਦੀਪਦਵਿੰਦਰ ਸਿੰਘ

**ਚੌਂਕ ਮਹਿਤਾ 11 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਵੱਲੋਂ ਸਮੂਹ ਲੇਖਕਾਂ, ਵਿਦਵਾਨਾਂ ਅਤੇ ਚਿੰਤਕਾਂ ਨੂੰ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਦਾ ਸੱਦਾ ਦਿੱਤਾ ਗਿਆ ਹੈ । ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਇੱਥੋਂ ਜਾਰੀ ਸਾਂਝੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਇਹ ਹੜਤਾਲ ਕੇਂਦਰ ਸਰਕਾਰ ਦੀਆਂ ਉਹਨਾਂ ਨੀਤੀਆਂ ਖ਼ਿਲਾਫ਼ ਹੈ ਜੋ ਦੇਸ਼ ਦੀ ਅਰਥਵਿਵਸਥਾ, ਕਿਸਾਨੀ, ਮਜ਼ਦੂਰ ਵਰਗ ਅਤੇ ਲੋਕ-ਹਿਤੈਸ਼ੀ ਸਕੀਮਾਂ ਨੂੰ ਗੰਭੀਰ ਨੁਕਸਾਨ ਪਹੁੰਚਾ ਰਹੀਆਂ ਹਨ । ਉਹਨਾਂ ਕਿਹਾ ਕਿ ਇਸ ਹੜਤਾਲ ਦਾ ਮੁੱਖ ਮਕਸਦ ਕੇਂਦਰ ਸਰਕਾਰ ਦੀਆਂ ਨਿੱਜੀਕਰਨ ਸਬੰਧੀ ਮਾਰੂ ਨੀਤੀਆਂ ਦਾ ਕਰੜਾ ਵਿਰੋਧ, ਬਿਜਲੀ ਬਿੱਲ 2025, ਬੀਜ ਬਿੱਲ 2025 ਅਤੇ ਨਰੇਗਾ ਸਕੀਮ ਦੇ ਸਰੂਪ ਵਿੱਚ ਕੀਤੇ ਜਾ ਰਹੇ ਨੁਕਸਾਨਦਾਇਕ ਬਦਲਾਅ ਦੇ ਖ਼ਿਲਾਫ਼ ਸਖ਼ਤ ਆਵਾਜ਼ ਉਠਾਉਣਾ ਹੈ। ਇਸ ਦੇ ਨਾਲ ਹੀ ਚਾਰ ਲੇਬਰ ਕੋਡ ਰੱਦ ਕਰ ਕੇ ਉਹਨਾਂ ਦੀ ਥਾਂ ਮਜ਼ਦੂਰ-ਪੱਖੀ ਕਾਨੂੰਨ ਬਣਾਏ ਜਾਣ ਦੀ ਮੰਗ ਵੀ ਹੜਤਾਲ ਦੇ ਕੇਂਦਰੀ ਮਸਲਿਆਂ ਵਿੱਚ ਸ਼ਾਮਲ ਹੈ। ਪ੍ਰੈੱਸ ਬਿਆਨ ਵਿੱਚ ਆਗੂਆਂ ਨੇ ਭਾਰਤ ਅਤੇ ਅਮਰੀਕਾ ਦਰਮਿਆਨ ਹੋ ਰਹੇ ਅਸਾਵੇਂ ਵਪਾਰ ਸਮਝੌਤੇ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ। ਉਹਨਾਂ ਕਿਹਾ ਕਿ ਇਹ ਸਮਝੌਤਾ ਦੇਸ਼ ਦੀ ਆਰਥਿਕਤਾ ਲਈ ਘਾਤਕ ਸਾਬਤ ਹੋ ਸਕਦਾ ਹੈ ਅਤੇ ਖ਼ਾਸ ਤੌਰ 'ਤੇ ਨਿਮਨ ਕਿਸਾਨੀ, ਛੋਟੇ ਉਤਪਾਦਕਾਂ ਅਤੇ ਦੇਸੀ ਉਦਯੋਗਾਂ ਨੂੰ ਤਬਾਹੀ ਵੱਲ ਧੱਕੇਗਾ। ਇਸ ਲਈ ਇਸ ਸਮਝੌਤੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਸਭਾ ਦੇ ਆਗੂਆਂ ਨੇ ਕਿਹਾ ਕਿ ਉਪਰੋਕਤ ਸਾਰੇ ਮੁੱਦਿਆਂ ਵੱਲ ਸਰਕਾਰ ਦਾ ਧਿਆਨ ਦਿਵਾਉਣ ਲਈ ਜਨਤਕ ਜਥੇਬੰਦੀਆਂ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਕਲਮਕਾਰਾਂ ਵੱਲੋਂ 12 ਫਰਵਰੀ ਨੂੰ ਇੱਕ ਰੋਜ਼ਾ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ। ਇਸ ਹੜਤਾਲ ਨੂੰ ਸਫ਼ਲ ਬਣਾਉਣਾ ਸਮਾਜਿਕ ਜ਼ਿੰਮੇਵਾਰੀ ਹੈ । ਅੰਤ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ) ਨੇ ਸਮੂਹ ਲੇਖਕਾਂ, ਵਿਦਵਾਨਾਂ ਅਤੇ ਚਿੰਤਕਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਇਸ ਹੜਤਾਲ ਵਿੱਚ ਸਰਗਰਮ ਸ਼ਮੂਲੀਅਤ ਕਰ ਕੇ ਲੋਕਤੰਤਰ, ਸਮਾਜਿਕ ਨਿਆਂ ਅਤੇ ਲੋਕ-ਹਿਤੀ ਨੀਤੀਆਂ ਦੇ ਹੱਕ ਵਿੱਚ ਆਪਣੀ ਆਵਾਜ਼ ਬੁਲੰਦ ਕਰਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਦੀ ਮੌਜੂਦਾ ਕਾਨੂੰਨੀ ਵਿਵਸਥਾ ਡਾਵਾਂਡੋਲ


# ਨਿੱਤ ਦਿਹਾੜੇ ਕਤਲੇਆਮ, ਲੁੱਟਾਂ-ਖੋਹਾਂ, ਰਿਸ਼ਵਤਾਂ ਲੈਣ ਦੇ ਹੋ ਰਹੇ ਹਨ ਅਮਲ : ਮਾਨ



**ਨਵੀਂ ਦਿੱਲੀ, 11 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- 20ਵੀਂ ਸਦੀ ਵਿਚ ਫਰਾਂਸ ਵਿਚ ਨਿਰੰਤਰ ਲੰਮਾਂ ਸਮਾਂ ਅਜਿਹੇ ਹਾਲਾਤ ਬਣੇ ਰਹੇ ਕਿ ਉਥੇ ਸਰਕਾਰਾਂ ਬਣਦੀਆਂ ਅਤੇ ਟੁੱਟ ਜਾਂਦੀਆ । ਇਹ ਸਿਲਸਿਲਾ ਕਈ ਵਾਰ ਹੋਇਆ । ਲੇਕਿਨ ਉਥੋ ਦੀ ਜੋ ਅਫਸਰਸਾਹੀ, ਨਿਜਾਮੀ ਅਹੁਦੇਦਾਰ ਸਨ, ਉਨ੍ਹਾਂ ਨੇ ਆਪਣੀ ਜਿੰਮੇਵਾਰੀ ਨੂੰ ਸਮਝਦੇ ਹੋਏ ਦ੍ਰਿੜਤਾ ਨਾਲ ਆਪਣੀਆ ਸਮਾਜਿਕ, ਸਰਕਾਰੀ ਜਿੰਮੇਵਾਰੀਆਂ ਨੂੰ ਬਾਖੂਬੀ ਪੂਰਨ ਕੀਤਾ । ਜਿਸ ਨਾਲ ਹਾਲਾਤ ਅਤਿ ਮੰਦੇ ਹੋਣ ਦੇ ਬਾਵਜੂਦ ਵੀ ਇਹ ਅਫਸਰਸਾਹੀ ਸਰਕਾਰੀ ਜਿੰਮੇਵਾਰੀਆ ਨੂੰ ਪੂਰਨ ਕਰਦੀ ਰਹੀ । ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਜੋ ਇਸ ਸਮੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਪੱਖੋ ਕੰਮਜੋਰ ਹੋ ਕੇ ਵਿਚਰ ਰਹੀ ਹੈ, ਖੁਦ ਆਜਾਦੀ ਨਾਲ ਫੈਸਲੇ ਲੈਣ ਦੇ ਸਮਰੱਥ ਨਹੀ ਹੈ, ਆਪਣੀ ਦਿੱਲੀ ਦੇ ਪੰਜਾਬ ਵਿਰੋਧੀ ਹਾਕਮਾਂ ਦੇ ਹੁਕਮਾਂ ਤੇ ਨਿਰਭਰ ਰਹਿੰਦੀ ਹੈ, ਉਸਦੀ ਬਦੌਲਤ ਨਿਜਾਮੀ ਪ੍ਰਬੰਧ ਵਿਚ, ਲੋਕਾਂ ਦੀਆਂ ਮੁਸਕਿਲਾਂ ਤੇ ਪ੍ਰੇਸਾਨੀਆਂ ਨੂੰ ਦੂਰ ਕਰਨ ਵਿਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋ ਚੁੱਕੀ ਹੈ । ਪਰ ਦੂਸਰਾ ਦੁੱਖਦਾਇਕ ਵਰਤਾਰਾ ਇਹ ਹੋ ਰਿਹਾ ਹੈ ਕਿ ਇਥੋ ਦੀ ਜੋ ਅਫਸਰਸਾਹੀ, ਬਾਬੂਸਾਹੀ ਹੈ, ਉਨ੍ਹਾਂ ਵਿਚ 80% ਅਫਸਰਸਾਹੀ ਪੰਜਾਬ ਤੋ ਬਾਹਰਲੇ ਸੂਬਿਆਂ ਦੀ ਹੈ । ਜਿਨ੍ਹਾਂ ਦਾ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨਾਲ ਕੋਈ ਹਮਦਰਦੀ ਤੇ ਦਿਲਚਸਪੀ ਨਹੀ । ਕੇਵਲ ਤੇ ਕੇਵਲ 9 ਵਜੇ ਤੋ ਲੈਕੇ 5 ਵਜੇ ਤੱਕ ਆਪਣੀ ਡਿਊਟੀ ਨੂੰ ਪੂਰਾ ਕਰਕੇ ਵੱਡੀਆ-ਵੱਡੀਆ ਤਨਖਾਹਾਂ ਲੈਕੇ ਆਨੰਦ ਮਾਣਦੇ ਨਜਰ ਆ ਰਹੇ ਹਨ ਅਤੇ ਫਰਾਂਸ ਦੀ ਅਫਸਰਸਾਹੀ ਦੀ ਤਰ੍ਹਾਂ ਆਪਣੀਆ ਜਿੰਮੇਵਾਰੀਆ ਨੂੰ ਪੂਰਨ ਕਰਨ ਦੀ ਸਮਰੱਥਾਂ ਤੇ ਸੋਚ ਨਹੀ ਰੱਖਦੇ । ਇਹੀ ਵਜਹ ਹੈ ਕਿ ਪੰਜਾਬ ਸਿਆਸੀ ਤੌਰ ਤੇ ਅਤੇ ਨਿਜਾਮੀ ਤੌਰ ਤੇ ਨਿਘਾਰ ਵੱਲ ਜਾ ਚੁੱਕਾ ਹੈ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੌਜੂਦਾ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵਿਚ ਸਾਮਿਲ ਉਨ੍ਹਾਂ ਸਿਆਸਤਦਾਨਾਂ ਜਿਨ੍ਹਾਂ ਨੂੰ ਨਾ ਤਾਂ ਕੋਈ ਨਿਜਾਮੀ ਤੇ ਸਿਆਸੀ ਤੁਜਰਬਾ ਹੈ ਅਤੇ ਨਾ ਹੀ ਸਮਰੱਥਾਂ ਉਨ੍ਹਾਂ ਦੇ ਵੱਲੋ ਪੂਰਨ ਰੂਪ ਵਿਚ ਫੇਲ ਹੋ ਜਾਣ ਤੇ ਅਫਸਰਸਾਹੀ ਵੱਲੋ ਆਪਣੀਆ ਜਿੰਮੇਵਾਰੀਆ ਨਾ ਪੂਰਨ ਕਰਨ ਤੇ ਗਹਿਰੇ ਦੁੱਖ ਦਾ ਇਜਹਾਰ ਕਰਦੇ ਹੋਏ ਅਤੇ ਪੰਜਾਬ ਦੇ ਨਿਜਾਮੀ ਪ੍ਰਬੰਧ ਵਿਚ ਆਈ ਗਿਰਾਵਟ ਨੂੰ ਇਸ ਅਫਸਰਸਾਹੀ ਨੂੰ ਜਿੰਮੇਵਾਰ ਠਹਿਰਉਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਜਦੋ ਸਿਆਸੀ ਤੌਰ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਫੇਲ ਸਾਬਤ ਹੋ ਚੁੱਕੀ ਹੈ, ਇਥੋ ਦੀ ਕਾਨੂੰਨੀ ਵਿਵਸਥਾਂ ਡਾਵਾਡੋਲ ਹੈ, ਨਿੱਤ ਦਿਹਾੜੇ ਕਤਲੇਆਮ, ਲੁੱਟਾਂ-ਖੋਹਾ, ਰਿਸਵਤਾਂ ਲੈਣ ਦੇ ਅਮਲ ਹੋ ਰਹੇ ਹਨ, ਇਥੋ ਦੀ ਬੇਰੁਜਗਾਰੀ ਨੂੰ ਦੂਰ ਕਰਨ ਲਈ ਕੋਈ ਯੋਜਨਾ ਨਹੀ ਹੈ ਅਤੇ ਨਾ ਹੀ ਇਥੋ ਦੀ ਮਾਲੀ ਹਾਲਤ ਨੂੰ ਸਹੀ ਕਰਨ ਲਈ ਇਨ੍ਹਾਂ ਕੋਲ ਸ਼ਕਤੀ ਅਤੇ ਸੋਚ ਹੈ ਤਾਂ ਉਸ ਸਮੇ ਜੇਕਰ ਇਥੋ ਦੀ ਅਫਸਰਸਾਹੀ ਫਰਾਂਸ ਦੀ ਅਫਸਰਸਾਹੀ ਦੀ ਤਰ੍ਹਾਂ ਜਿੰਮੇਵਾਰੀਆ ਨੂੰ ਪੂਰਨ ਕਰਦੀ ਤਾਂ ਸਿਆਸਤਦਾਨਾਂ ਦੇ ਫੇਲ ਹੋ ਜਾਣ ਤੇ ਵੀ ਨਿਜਾਮੀ ਪ੍ਰਬੰਧ ਵਿਚ ਕੋਈ ਗਿਰਾਵਟ ਨਹੀ ਸੀ ਆ ਸਕਦੀ । ਪਰ ਅਫਸਰਸਾਹੀ ਦੀ ਸਾਡੇ ਸੂਬੇ ਵਿਚ ਕੋਈ ਦਿਲਚਸਪੀ ਜਾਂ ਹਮਦਰਦੀ ਨਾ ਹੋਣ ਦੀ ਬਦੌਲਤ ਅਤੇ ਇਥੋ ਦੇ ਸਾਧਨਾਂ ਗੱਡੀਆਂ, ਵੱਡੀਆ ਤਨਖਾਹਾਂ ਤੇ ਸਰਕਾਰੀ ਸਹੂਲਤਾਂ ਦਾ ਆਨੰਦ ਮਾਨਣ ਦੀ ਰੂਚੀ ਕਾਰਨ ਇਥੇ ਸੜਕਾਂ, ਗਲੀਆਂ ਵਿਚ ਗੰਦਗੀ ਦੇ ਢੇਰ ਲੱਗੇ ਹੋਏ ਹਨ ਅਤੇ ਨਿਜਾਮੀ ਪ੍ਰਬੰਧ ਹਰ ਤਰਫ ਫੇਲ ਹੋ ਚੁੱਕਾ ਹੈ । ਉਨ੍ਹਾਂ ਕਿਹਾ ਕਿ ਅਜਿਹੇ ਸਮੇ ਮੁੱਖ ਸਕੱਤਰ, ਡੀਜੀਪੀ ਜੋ ਇਸ ਨਿਜਾਮੀ ਪ੍ਰਬੰਧ ਅਤੇ ਕਾਨੂੰਨੀ ਵਿਵਸਥਾਂ ਨੂੰ ਸਹੀ ਰੱਖ ਸਕਦੇ ਹਨ, ਪਰ ਉਹ ਵੀ ਦੂਸਰੀ ਅਫਸਰਸਾਹੀ ਦੀ ਤਰ੍ਹਾਂ ਆਨੰਦ ਲੈਣ ਵਿਚ ਮਸਰੂਫ ਹਨ । ਇਹੀ ਵਜਹ ਹੈ ਕਿ ਉਪਰਲੇ ਮੁੱਖ ਅਫਸਰਾਂ ਤੋ ਲੈਕੇ ਹੇਠਾ ਪਟਵਾਰੀਆ ਤੱਕ ਸਭ ਅਫਸਰਸਾਹੀ ਆਪਣੀਆ ਜਿੰਮੇਵਾਰੀਆ ਪ੍ਰਤੀ ਅਵੇਸਲੀ ਹੋਈ ਬੈਠੀ ਹੈ ਜਿਸਦੀ ਬਦੌਲਤ ਹਾਲਾਤ ਹੋਰ ਵੀ ਵਿਸਫੋਟਕ ਬਣਦੇ ਜਾ ਰਹੇ ਹਨ । ਜੇਕਰ ਇਸ ਦਿਸਾ ਵੱਲ ਕੋਈ ਸਹੀ ਅਮਲ ਨਾ ਕੀਤਾ ਗਿਆ ਤਾਂ ਪੰਜਾਬ ਸੂਬੇ ਦੇ ਹਾਲਾਤ ਹੋਰ ਵੀ ਬਦਤਰ ਬਣ ਜਾਣਗੇ ਜਿਸ ਲਈ ਮੌਜੂਦਾ ਆਮ ਆਦਮੀ ਪਾਰਟੀ ਨਾਲ ਸੰਬੰਧਤ ਵਜੀਰ ਤੇ ਅਫਸਰਸਾਹੀ ਜਿੰਮੇਵਾਰ ਹੋਵੇਗੀ।

### "ਗੁਰੂ ਘਰ ਦਾ ਅਨਮੋਲ ਹੀਰਾ ਭਾਈ ਲੱਖੀ ਸ਼ਾਹ ਵਣਜਾਰਾ"

# ਪੁਸਤਕ ਦਾ ਪ੍ਰਕਾਸ਼ਨ - ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ.)





**ਚੌਕ ਮਹਿਤਾ,11 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਬੀਤੇ ਦਿਨੀਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿੱਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਵੇਂ ਸ਼ਹੀਦੀ ਸਮਾਗਮ ਅਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 350 ਵੇਂ ਗੁਰਤਾਗੱਦੀ ਗੁਰਪੁਰਬ ਨਿਮੀਤ ਮਹਾਰਾਸ਼ਟਰ ਸਰਕਾਰ ਵੱਲੋਂ ਮਨਾਏ ਗਏ "ਹਿੰਦ-ਦੀ-ਚਾਦਰ" ਸਮਾਗਮ ਨੂੰ ਸਮਰਪਿਤ ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਨੇ ਭਾਈ ਲੱਖੀ ਸ਼ਾਹ ਵਣਜਾਰਾ ਜੀ ਦੀ ਅਟੱਲ ਸ਼ਰਧਾ, ਦਲੇਰੀ ਅਤੇ ਤਿਆਗ ਤੋਂ ਪ੍ਰੇਰਿਤ ਹੋ ਕੇ "ਗੁਰੂ ਘਰ ਦਾ ਅਨਮੋਲ ਹੀਰਾ ਭਾਈ ਲੱਖੀ ਸ਼ਾਹ ਵਣਜਾਰਾ" ਪੁਸਤਕ ਦਾ ਪ੍ਰਕਾਸ਼ਨ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਮਾਨਯੋਗ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ, ਸਮੂੰਹ ਪੰਜ ਪਿਆਰੇ ਸਾਹਿਬਾਂਨ, ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ, ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਵਾਲੇ, ਮਹਾਰਾਸ਼ਟਰ ਸਰਕਾਰ ਦੇ ਮੁੱਖਮੰਤ੍ਰੀ ਸ੍ਰੀ ਦੇਵਿੰਦਰ ਫਡਣਵੀਸ ਜੀ, ਉਪ ਮੁੱਖਮੰਤ੍ਰੀ ਸ੍ਰੀ ਅਜੀਤ ਪਵਾਰ ਜੀ, ਆਂਧਰਾ ਪ੍ਰਦੇਸ਼ ਦੇ ਉਪ ਮੁੱਖਮੰਤਰੀ ਸ੍ਰੀ ਪਵਨ ਕਲਿਯਾਣ ਜੀ ਅਤੇ ਹੋਰ ਵੀ ਪੱਤਵੰਤੇ ਸਜਨਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ

ਗੁਰੂ ਜੀ ਦੀ ਸ਼ਹਾਦਤ ਤੋਂ ਬਾਅਦ ਦੇ ਔਖੇ ਸਮੇਂ ਵਿੱਚ ਭਾਈ ਲੱਖੀ ਸ਼ਾਹ ਵਣਜਾਰਾ ਨੇ ਗੁਰੂ ਜੀ ਦੇ ਪਵਿੱਤਰ ਸ਼ਰੀਰ ਨੂੰ ਆਪਣੇ ਵਪਾਰਕ ਰੱਥ ਵਿੱਚ ਗੁਪਤ ਤੌਰ'ਤੇ ਚਾਂਦਨੀ ਚੌਕ ਤੋਂ ਆਪਣੇ ਘਰ ਲੈ ਜਾ ਕਰ ਅਤੇ ਘਰ ਨੂੰ ਅੱਗ ਲਾ ਕੇ ਗੁਰੂ ਜੀ ਦੇ ਪਾਵਨ ਸ਼ਰੀਰ ਦਾ ਅੰਤਿਮ ਸੰਸਕਾਰ ਕੀਤਾ ਸੀ, ਜਿਸ ਬਾਰੇ ਪੂਰੀ ਜਾਨਕਾਰੀ ਇਸ ਪੁਸਤਕ ਵਿੱਚ ਦਿੱਤੀ ਗਈ ਹੈ।

ਭਾਈ ਮੱਖਣ ਸ਼ਾਹ ਲੁਬਾਣਾ ਵੱਲੋ ਸੱਚੇ ਗੁਰੂ ਦੀ ਖੋਜ ਦੌਰਾਨ ਨਿਭਾਈ ਗਈ ਇਤਿਹਾਸਕ ਅਤੇ ਪ੍ਰੇਰਣਾ ਦੇਣ ਵਾਲੀ ਭੂਮਿਕਾ ਨੂੰ ਵੀ ਵਿਸਤਾਰ ਨਾਲ ਇਸ ਪੁਸਤਕ ਵਿੱਚ ਲਿਖੀਆ ਗਿਆ ਹੈ ਨਾਲ ਹੀ ਵਣਜਾਰਾ, ਲੁਬਾਣਾ ਸਮਾਜ ਦੇ ਉਸ ਮਹੱਤਵਪੂਰਣ ਯੋਗਦਾਨ ਨੂੰ ਵੀ ਦਰਸਾਇਆ ਗਿਆ ਹੈ। ਜਿਸ ਰਾਹੀਂ ਉਨ੍ਹਾਂ ਨੇ ਗੁਰੂ ਜੀ ਦੇ ਆਦਰਸ਼ਾਂ ਦੇ ਪ੍ਰਸਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਇੱਕ ਨਿਰਭੈ, ਸਾਹਸੀ ਤੇ ਨਿਆਂਪੂਰਨ ਸਮਾਜ ਦੀ ਸਿਰਜਣਾ ਲਈ ਆਪਣੇ ਦ੍ਰਿੜ ਸੰਕਲਪ ਮਜ਼ਬੂਤ ਕੀਤੇ ਡਾ. ਵਿਜੇ ਸਤਬੀਰ ਸਿੰਘ ਜੀ ਨੇ ਇਸ ਪੁਸਤਕ ਰਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ, ਭਾਈ ਲੱਖੀ ਸ਼ਾਹ ਵਣਜਾਰਾ ਦੀ ਅਮਰ ਸੇਵਾ ਅਤੇ ਲੁਬਾਣਾ ਸਮਾਜ ਦੀ ਸਾਂਝੀ ਵਿਰਾਸਤ ਨੂੰ ਸਨਮਾਨ ਭੇਟ ਕਰਨ ਦਾ ਇੱਕ ਨਿਮਾਣਾ ਉਪਰਾਲਾ ਕੀਤਾ ਹੈ। ਇਸ ਪੁਸਤਕ ਦੇ ਪੰਨਿਆਂ ਰਾਹੀਂ ਪਾਠਕਾਂ ਨੂੰ ਇਤਿਹਾਸਕ ਘਟਨਾਵਾਂ ਦੇ ਨਾਲ ਨਾਲ ਸਿੱਖੀ ਸਿਧਾਂਤਾ, ਮੁੱਲਧਰਮ ਦੀ ਅਜ਼ਾਦੀ, ਸੱਚੇ ਗੁਰੂ ਦੀ ਭਾਲ ਅਤੇ ਅਡੋਲਤਾ ਦੀ ਪ੍ਰੇਰਣਾ ਪ੍ਰਾਪਤ ਹੋਵੇਗੀ।

# ਧੂਰੀ ਹਲਕੇ ਦਾ ਪਿੰਡ ਪਲਾਸੌਰ ਆਧੁਨਿਕ ਤਕਨੀਕਾਂ ਨਾਲ ਹੋਇਆ ਲੈਸ

## 3.4 ਕਰੋੜ ਰੁਪਏ ਨਾਲ ਪਿੰਡ ਪਲਾਸੌਰ-ਰੂਪਾਹੇੜੀ ਵਾਲੀ ਸੜਕ ਨੂੰ 10 ਤੋਂ 18 ਫੁੱਟ ਕਰਨ ਦਾ ਕੰਮ ਜੰਗੀ ਪੱਧਰ ਤੇ ਜਾਰੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਧਾਨ ਸਭਾ ਹਲਕੇ ਧੂਰੀ ਦਾ ਪਿੰਡ ਪਲਾਸੌਰ ਸ਼ਹਿਰਾਂ ਨੂੰ ਮਾਤ ਪਾਉਂਦਾ ਹੋਇਆ ਆਧੁਨਿਕ ਤਕਨੀਕਾਂ ਨਾਲ ਲੈਸ ਹੋ ਗਿਆ ਹੈ, ਜਿੱਥੇ ਸੁਰੱਖਿਆ ਲਈ 49 ਸੀਸੀਟੀਵੀ ਕੈਮਰੇ ਅਤੇ ਵਿਦਿਆਰਥੀਆਂ ਲਈ ਪ੍ਰੋਜੈਕਟਰ ਵਰਗੀਆਂ ਅਤਿ ਆਧੁਨਿਕ ਸਹੂਲਤਾਂ ਉਪਲਬਧ ਹਨ। ਪਿੰਡ ਪਲਾਸੌਰ ਦੇ ਸਰਪੰਚ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡ ਵਿੱਚ ਲਗਾਤਾਰ ਵਿਕਾਸ ਕਾਰਜ ਜਾਰੀ ਹਨ ਅਤੇ ਪਿੰਡ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਪਲਾਸੌਰ ਵਿੱਚ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਆਧੁਨਿਕ ਲਾਈਬਰੇਰੀ ਦੀ ਉਸਾਰੀ ਕੀਤੀ ਜਾ ਰਹੀ ਹੈ, ਜਿਸ ਨਾਲ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਮਾਹੌਲ ਮਿਲੇਗਾ। ਇਸ ਦੇ ਨਾਲ ਹੀ ਪਿੰਡ ਦੇ ਸਕੂਲ ਵਿੱਚ ਨਵੇਂ ਬਾਥਰੂਮ ਬਣਾਏ ਜਾ ਰਹੇ ਹਨ ਅਤੇ ਵਿਦਿਆਰਥੀਆਂ ਨੂੰ ਨਵੀਂ ਤਕਨਾਲੋਜੀ ਨਾਲ ਜੋੜਨ ਲਈ ਦੋ ਪ੍ਰੋਜੈਕਟਰ ਵੀ ਖਰੀਦੇ ਗਏ ਹਨ, ਤਾਂ ਜੋ ਪੜ੍ਹਾਈ ਦਾ ਮਿਆਰ ਹੋਰ ਉੱਚਾ ਕੀਤਾ ਜਾ ਸਕੇ। ਸਰਪੰਚ ਗੁਰਮੀਤ ਸਿੰਘ ਨੇ ਹੋਰ ਦੱਸਿਆ ਕਿ ਪਿੰਡ ਪਲਾਸੌਰ ਤੋਂ ਰੂਪਾਹੇੜੀ ਵਾਲੀ ਸੜਕ ਨੂੰ ਕਰੀਬ 3.4 ਕਰੋੜ ਰੁਪਏ ਦੀ ਲਾਗਤ ਨਾਲ 10 ਫੁੱਟ ਤੋਂ ਵਧਾ ਕੇ 18 ਫੁੱਟ ਚੌੜਾ ਕੀਤਾ ਜਾ ਰਿਹਾ ਹੈ। ਇਸ ਸੜਕ ਦੀ ਕੁੱਲ ਲੰਬਾਈ 6.3 ਕਿਲੋਮੀਟਰ ਹੈ, ਜਿਸ ਨਾਲ ਇਲਾਕਾ ਵਸਨੀਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਤੋਂ ਇਲਾਵਾ ਪਿੰਡ ਦੀ ਫਿਰਨੀ ਨੂੰ ਵੀ ਚੌੜਾ ਕੀਤਾ ਜਾ ਰਿਹਾ ਹੈ ਅਤੇ ਪਿੰਡ ਵਿੱਚ ਇੱਕ ਪਾਰਕ ਵੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਪਿੰਡ ਵਿੱਚ ਨਵੀਂ ਡਿਸਪੈਂਸਰੀ ਦੀ ਉਸਾਰੀ ਕੀਤੀ ਗਈ ਹੈ, ਜਿਸ ਨਾਲ ਸਿਹਤ ਸੇਵਾਵਾਂ ਹੋਰ ਮਜ਼ਬੂਤ ਹੋਣਗੀਆਂ। ਇਸ ਤੋਂ ਇਲਾਵਾ ਸੁਰੱਖਿਆ ਪੱਖੋਂ ਪਿੰਡ ਵਿੱਚ 49 ਸੀਸੀਟੀਵੀ ਕੈਮਰੇ ਲਗਾਏ ਗਏ ਹਨ, ਤਾਂ ਜੋ ਕਾਨੂੰਨ-ਵਿਵਸਥਾ ਬਣਾਈ ਰੱਖਣ ਵਿੱਚ ਸਹਾਇਤਾ ਮਿਲੇ। ਸਰਪੰਚ ਗੁਰਮੀਤ ਸਿੰਘ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਸਭ ਤੋਂ ਵੱਡੀ ਮੰਗ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਨਾਲਾ ਵੀ ਚਾਲੂ ਕਰ ਦਿੱਤਾ ਗਿਆ ਹੈ, ਜਿਸ ਨਾਲ ਡਰੇਨੇਜ ਸੰਬੰਧੀ ਸਮੱਸਿਆ ਦਾ ਹੱਲ ਹੋਇਆ ਹੈ। ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੇ ਸਰਬਪੱਖੀ ਵਿਕਾਸ ਲਈ ਇਹ ਉਪਰਾਲੇ ਮੀਲ ਪੱਥਰ ਸਾਬਤ ਹੋਣਗੇ।





## ਜਨਮ ਦਿਨ ਮੁਬਾਰਕ

**ਮਨਰਾਜ ਸਿੰਘ**

ਪਿਤਾ ਬਲਜਿੰਦਰ ਸਿੰਘ,ਮਾਤਾ ਰਾਜਬੀਰ ਕੌਰ, ਪਿੰਡ ਚੰਨਣਕੇ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਹੈਲਥ ਐਂਡ ਵੈੱਲਨੈੱਸ ਸੈਂਟਰਾਂ ਦਾ ਦੌਰਾ

**ਤਲਵੰਡੀ ਸਾਬੋ, 11 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਅਤੇ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਹੈਲਥ ਐਂਡ ਵੈੱਲਨੈੱਸ ਸੈਂਟਰ ਜੀਵਨ ਸਿੰਘਵਾਲਾ ਅਤੇ ਭਾਗੀ ਬੰਦਰ ਦਾ ਦੌਰਾ ਕੀਤਾ ਗਿਆ। ਦੌਰੇ ਦੌਰਾਨ ਡਾ. ਰਵੀ ਕਾਂਤ ਗੁਪਤਾ ਨੇ ਸੈਂਟਰਾਂ ਵਿੱਚ ਚੱਲ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਹਾਜ਼ਰ ਸਟਾਫ ਨਾਲ ਮੀਟਿੰਗ ਕਰਕੇ ਰਿਕਾਰਡ ਦੀ ਜਾਂਚ ਕੀਤੀ ਅਤੇ ਸਾਰੀਆਂ ਸੇਵਾਵਾਂ ਨੂੰ ਸਰਕਾਰ ਦੇ ਮਿਆਰਾਂ ਅਨੁਸਾਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸਟਾਫ ਨੂੰ ਹਦਾਇਤ ਕੀਤੀ ਕਿ ਗਰਭਵਤੀ ਮਹਿਲਾਵਾਂ, ਬੱਚਿਆਂ ਅਤੇ ਬਜ਼ੁਰਗਾਂ ਦੀ ਨਿਯਮਿਤ ਜਾਂਚ ਯਕੀਨੀ ਬਣਾਈ ਜਾਵੇ ਅਤੇ ਟੀਕਾਕਰਨ ਮੁਹਿੰਮ ਨੂੰ ਪੂਰੀ ਤਰ੍ਹਾਂ ਸਫਲ ਬਣਾਇਆ ਜਾਵੇ। ਇਸ ਤੋਂ ਇਲਾਵਾ ਲੋਕਾਂ ਨੂੰ ਡੇਂਗੂ, ਮਲੇਰੀਆ ਅਤੇ ਹੋਰ ਮੌਸਮੀ ਬਿਮਾਰੀਆਂ ਤੋਂ ਬਚਾਅ ਬਾਰੇ ਜਾਗਰੂਕ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ। ਡਾ. ਗੁਪਤਾ ਨੇ ਕਿਹਾ ਕਿ ਹੈਲਥ ਐਂਡ ਵੈੱਲਨੈੱਸ ਸੈਂਟਰਾਂ ਦਾ ਮੁੱਖ ਉਦੇਸ਼ ਪਿੰਡ ਪੱਧਰ 'ਤੇ ਲੋਕਾਂ ਨੂੰ ਬਿਹਤਰ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਨੇ ਸਟਾਫ ਦੀ ਕਾਰਗੁਜ਼ਾਰੀ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਸਾਰੇ ਕਰਮਚਾਰੀ ਇਮਾਨਦਾਰੀ ਅਤੇ ਸਮਰਪਣ ਨਾਲ ਆਪਣੀ ਡਿਊਟੀ ਨਿਭਾਉਣ। ਇਸ ਮੌਕੇ ਸੈਂਟਰਾਂ ਦਾ ਸਟਾਫ ਅਤੇ ਹੋਰ ਸਿਹਤ ਕਰਮਚਾਰੀ ਵੀ ਹਾਜ਼ਰ ਸਨ।



### ਐਚਐਮਈਐਲ ਐਮਜ਼ ਦੀ ਸਾਂਝੀ ਪਹਿਲ

# ‘ਸਿਹਤ ਸਾਥੀ ਤੁਹਾਡੇ ਦਰ, ਤੁਹਾਡੀ ਸਿਹਤ ਲਈ’ ਮੋਬਾਈਲ ਮੈਡੀਕਲ ਯੂਨਿਟਾਂ ਦਾ ਸ਼ੁਭਾਰੰਭ







**ਤਲਵੰਡੀ ਸਾਬੋ, 11 ਫਰਵਰੀ (ਗੁਰਜੰਟ ਸਿੰਘ ਨਥੇਹਾ)-** ਪਿੰਡਾਂ ਵਿੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਬਿਹਤਰ ਬਣਾਉਣ ਵੱਲ ਇੱਕ ਇਤਿਹਾਸਕ ਕਦਮ ਚੁੱਕਦਿਆਂ, ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਫੁੱਲੋ ਖਾਰੀ ਵਿਖੇ 11 ਫ਼ਰਵਰੀ 2026 ਨੂੰ “ਸੇਹਤ ਸਾਥੀ ਤੁਹਾਡੇ ਦਰ, ਤੁਹਾਡੀ ਸਿਹਤ ਲਈ” ਨਾਮ ਹੇਠ ਦੋ ਆਧੁਨਿਕ ਮੋਬਾਈਲ ਮੈਡੀਕਲ ਯੂਨਿਟਾਂ (ਐਮਐਮਯੂ) ਦਾ ਵਿਧੀਵਤ ਸ਼ੁਭਾਰੰਭ ਕੀਤਾ ਗਿਆ। ਇਹ ਯੂਨਿਟਾਂ ਐਚਐਮਈਐਲ ਦੇ ਮੁੱਖ ਪਰਚਾਲਨ ਅਧਿਕਾਰੀ ਸ਼੍ਰੀ ਐਮ. ਬੀ. ਗੋਹਿਲ ਅਤੇ ਐਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਡਾ. ਰਤਨ ਗੁਪਤਾ ਵੱਲੋਂ ਮੈਡੀਕਲ ਸੁਪਰਿੰਟੈਂਡੈਂਟ ਸ਼੍ਰੀ ਰਾਜੀਵ ਕੁਮਾਰ ਗੁਪਤਾ ਅਤੇ ਐਚਐਮਈਐਲ ਦੇ ਸੀਨੀਅਰ ਪ੍ਰਬੰਧਨ ਦੀ ਮੌਜੂਦਗੀ ਵਿੱਚ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀਆਂ ਗਈਆਂ। ਸ਼੍ਰੀ ਗੋਹਿਲ ਨੇ ਕਿਹਾ ਕਿ ਐਚਐਮਈਐਲ ਅਤੇ ਐਮਜ਼ ਬਠਿੰਡਾ ਦੀ ਇਹ ਭਾਗੀਦਾਰੀ ਪੰਜਾਬ ਅਤੇ ਹਰਿਆਣਾ ਦੇ 59 ਗੋਦ ਲਏ ਪਿੰਡਾਂ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਘਰ-ਘਰ ਪਹੁੰਚਾਉਣ ਦਾ ਵਚਨ ਹੈ। ਇਸ ਇੰਟੀਗ੍ਰੇਟਡ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਿਨ ਪ੍ਰੋਜੈਕਟ ਰਾਹੀਂ 25,000 ਤੋਂ ਵੱਧ ਪਰਿਵਾਰਾਂ ਸਮੇਤ ਲਗਭਗ 1.5 ਲੱਖ ਪਿੰਡ ਵਾਸੀਆਂ ਨੂੰ ਮੁਫ਼ਤ ਡਾਕਟਰੀ ਸਲਾਹ, ਲੈਬ ਜਾਂਚ, ਦਵਾਈਆਂ ਅਤੇ ਵਿਸ਼ੇਸ਼ਗਿਆਨ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਸ਼ੁਭਾਰੰਭ ਤੋਂ ਤੁਰੰਤ ਬਾਅਦ ਪਿੰਡ ਰਾਮਸਰਾ ਅਤੇ ਤਰਖਾਨਵਾਲਾ ਵਿੱਚ ਮੈਡੀਕਲ ਕੈਂਪ ਲਗਾਏ ਗਏ। ਡਾ. ਰਤਨ ਗੁਪਤਾ, ਸ਼੍ਰੀ ਰਾਜੀਵ ਕੁਮਾਰ ਗੁਪਤਾ ਅਤੇ ਐਮਜ਼ ਦੀ ਟੀਮ ਵੱਲੋਂ ਪਿੰਡ ਵਾਸੀਆਂ ਦੀ ਵਿਸਤ੍ਰਿਤ ਜਾਂਚ ਕੀਤੀ ਗਈ ਅਤੇ ਮੈਡੀਕਲ ਟੈਸਟਾਂ ਤੋਂ ਬਾਅਦ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਪਿੰਡ ਵਾਸੀਆਂ ਨੇ ਇਸ ਪਹਿਲ ਨੂੰ ਬਹੁਤ ਲਾਭਕਾਰੀ ਦੱਸਿਆ। ਇਹ ਪ੍ਰੋਜੈਕਟ 15 ਦਸੰਬਰ 2025 ਨੂੰ ਐਚਐਮਈਐਲ ਅਤੇ ਐਮਜ਼ ਬਠਿੰਡਾ ਵਿਚਕਾਰ ਹੋਏ ਸਮਝੌਤਾ ਪੱਤਰ ਤਹਿਤ ਸ਼ੁਰੂ ਕੀਤਾ ਗਿਆ ਹੈ। ਇਸ ਅਧੀਨ ਰਿਫ਼ਾਇਨਰੀ ਦੇ ਆਲੇ-ਦੁਆਲੇ ਦੇ 59 ਪਿੰਡਾਂ ਵਿੱਚ ਨਿਯਮਿਤ ਅਤੇ ਪ੍ਰਣਾਲੀਬੱਧ ਢੰਗ ਨਾਲ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਹਰ ਮੋਬਾਈਲ ਮੈਡੀਕਲ ਯੂਨਿਟ ਵਿੱਚ ਐਮਜ਼ ਦਾ ਡਾਕਟਰ, ਨਰਸ, ਫਾਰਮਾਸਿਸਟ, ਪ੍ਰੋਜੈਕਟ ਕੋਆਰਡੀਨੇਟਰ ਅਤੇ ਡਰਾਈਵਰ ਸ਼ਾਮਲ ਹੋਵੇਗਾ। ਯੂਨਿਟਾਂ ਵਿੱਚ ਡਾਇਗਨੋਸਟਿਕ ਕਿੱਟਾਂ, ਪ੍ਰਾਇਮਰੀ ਇਲਾਜ ਦੇ ਉਪਕਰਣ, ਆਕਸੀਜਨ ਸਿਲੰਡਰ, ਨੇਬੂਲਾਈਜ਼ਰ, ਅੱਗ ਸੁਰੱਖਿਆ ਉਪਕਰਣ ਅਤੇ ਜ਼ਰੂਰੀ ਦਵਾਈਆਂ ਉਪਲਬਧ ਰਹਿਣਗੀਆਂ। ਮਰੀਜ਼ਾਂ ਦਾ ਡਾਟਾ ਡਿਜ਼ਿਟਲ ਹੈਲਥ ਰਿਕਾਰਡ ਸਿਸਟਮ ਵਿੱਚ ਦਰਜ ਕੀਤਾ ਜਾਵੇਗਾ, ਤਾਂ ਜੋ ਇਲਾਜ ਦੀ ਲਗਾਤਾਰ ਨਿਗਰਾਨੀ ਅਤੇ ਫਾਲੋਅੱਪ ਯਕੀਨੀ ਬਣਾਇਆ ਜਾ ਸਕੇ। ਗੰਭੀਰ ਮਾਮਲਿਆਂ ਨੂੰ ਇਕ ਸੁਚਾਰੂ ਰੈਫ਼ਰਲ ਪ੍ਰਣਾਲੀ ਰਾਹੀਂ ਐਮਜ਼ ਬਠਿੰਡਾ ਜਾਂ ਨਜ਼ਦੀਕੀ ਸਰਕਾਰੀ ਹਸਪਤਾਲ ਭੇਜਿਆ ਜਾਵੇਗਾ। ਇਸ ਤੋਂ ਇਲਾਵਾ ਮਰੀਜ਼ ਫੀਡਬੈਕ ਅਤੇ ਸ਼ਿਕਾਇਤ ਨਿਵਾਰਣ ਪ੍ਰਣਾਲੀ ਵੀ ਸੇਵਾਵਾਂ ਦਾ ਹਿੱਸਾ ਹੋਵੇਗੀ।ਇਸ ਪ੍ਰੋਜੈਕਟ ਦੀ ਮੁੱਖ ਵਿਸ਼ੇਸ਼ਤਾ ਟੈਲੀਮੈਡੀਸਿਨ ਸਹੂਲਤ ਹੈ, ਜਿਸ ਰਾਹੀਂ ਪਿੰਡਾਂ ਦੇ ਮਰੀਜ਼ ਐਮਜ਼ ਬਠਿੰਡਾ ਦੇ ਵਿਸ਼ੇਸ਼ਜ ਡਾਕਟਰਾਂ ਨਾਲ ਕਾਰਡੀਓਲੋਜੀ, ਆਰਥੋਪੀਡਿਕਸ, ਗਾਇਨੇਕੋਲੋਜੀ, ਪੀਡੀਆਟ੍ਰਿਕਸ, ਜਨਰਲ ਮੈਡੀਸਿਨ, ਮਨੋਚਿਕਿਤਸਾ ਆਦਿ ਵਿਭਾਗਾਂ ਵਿੱਚ ਸਲਾਹ ਕਰ ਸਕਣਗੇ। ਇਹ ਸੇਵਾ “ਫਿਕਸਡ ਡੇ-ਫਿਕਸਡ ਟਾਈਮ ਫਿਕਸਡ ਸਾਈਟ” ਮਾਡਲ ਅਧੀਨ ਚੱਲੇਗੀ ਅਤੇ ਸਾਰੇ ਸੈਸ਼ਨਾਂ ਦੀ ਡਿਜ਼ਿਟਲ ਰਿਕਾਰਡਿੰਗ ਕੀਤੀ ਜਾਵੇਗੀ। ਸਿਹਤ ਜਾਗਰੂਕਤਾ ਵਧਾਉਣ ਲਈ ਆਈਈਸੀ ਅਤੇ ਬੀਸੀਸੀ ਗਤੀਵਿਧੀਆਂ ਆਸ਼ਾ ਵਰਕਰਾਂ, ਸਕੂਲੀ ਵਿਦਿਆਰਥੀਆਂ, ਅਧਿਆਪਕਾਂ ਅਤੇ ਪੰਚਾਇਤ ਨੁਮਾਇੰਦਿਆਂ ਦੀ ਭਾਗੀਦਾਰੀ ਨਾਲ ਚਲਾਈਆਂ ਜਾਣਗੀਆਂ। ਪ੍ਰੋਜੈਕਟ ਦੌਰਾਨ 8 ਮੇਗਾ ਸਪੈਸ਼ਲਟੀ ਹੈਲਥ ਕੈਂਪ ਵੀ ਲਗਾਏ ਜਾਣਗੇ। ਇਹ ਪਹਿਲ ਐਚਐਮਈਐਲ ਦੀ ਸਮਾਜਿਕ ਜ਼ਿੰਮੇਵਾਰੀ ਅਤੇ ਪਿੰਡਾਂ ਦੇ ਵਿਕਾਸ ਪ੍ਰਤੀ ਉਸਦੀ ਵਚਨਬੱਧਤਾ ਦਾ ਪ੍ਰਤੀਕ ਹੈ।

> ☛ ਐਚਐਮਈਐਲ ਦੇ ਮੁੱਖ ਪਰਚਾਲਨ ਅਧਿਕਾਰੀ ਐਮ. ਬੀ. ਗੋਹਿਲ ਅਤੇ ਐਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਡਾ. ਰਤਨ ਗੁਪਤਾ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀਆਂ ਗਈਆਂ ਮੋਬਾਈਲ ਮੈਡੀਕਲ ਯੂਨਿਟਾਂ ☛ 59 ਪਿੰਡਾਂ ਦੇ 1.5 ਲੱਖ ਤੋਂ ਵੱਧ ਪਿੰਡ ਵਾਸੀਆਂ ਨੂੰ ਮੁਫ਼ਤ ਸਿਹਤ ਸੇਵਾਵਾਂ

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਵੱਲੋਂ ‘ਜੈਂਡਰ ਰਿਸਪਾਂਸਿਵ ਬਜਟਿੰਗ’ ਵਿਸ਼ੇ ’ਤੇ ਵੈਬੀਨਾਰ ਦਾ ਆਯੋਜਨ





ਤਲਵੰਡੀ ਸਾਬੋ, 11 ਫਰਵਰੀ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਵੱਲੋਂ ‘ਜੈਂਡਰ ਰਿਸਪਾਂਸਿਵ ਬਜਟਿੰਗ’ ਵਿਸ਼ੇ ’ਤੇ ਇੱਕ ਵੈਬੀਨਾਰ ਆਯੋਜਿਤ ਕੀਤਾ ਗਿਆ, ਜਿਸ ਵਿੱਚ 70 ਤੋਂ ਵੱਧ ਵਿਦਿਆਰਥੀਆਂ ਅਤੇ ਭਾਗੀਦਾਰਾਂ ਨੇ ਹਿੱਸਾ ਲਿਆ। ਇਸ ਵੈਬੀਨਾਰ ਦੇ ਮੁੱਖ ਵਕਤਾ ਡਾ. ਮੁਹੰਮਦ ਆਜ਼ਮ ਖਾਨ ਸਨ। ਇਸ ਸੈਸ਼ਨ ਦੇ ਆਯੋਜਨ ਵਿਚ ਡਾ. ਜ਼ਿਆਉਲ ਇਸਲਾਮ ਅੰਸਾਰੀ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਵੈਬੀਨਾਰ ਦਾ ਉਦੇਸ਼ ਬਜਟਿੰਗ ਪ੍ਰਕਿਰਿਆ ਵਿੱਚ ਲਿੰਗ ਸੰਵੇਦਨਸ਼ੀਲ ਦ੍ਰਿਸ਼ਟੀਕੋਣ ਨੂੰ ਮਹੱਤਵ ਦੇਣ ਅਤੇ ਮਹਿਲਾਵਾਂ ਦੇ ਸ਼ਕਤੀਕਰਨ ਵਿੱਚ ਜੈਂਡਰ ਰਿਸਪਾਂਸਿਵ ਬਜਟਿੰਗ ਦੀ ਭੂਮਿਕਾ ਬਾਰੇ ਜਾਗਰੂਕਤਾ ਫੈਲਾਉਣਾ ਸੀ। ਮੁੱਖ ਵਕਤਾ ਨੇ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਜਨਤਕ ਵਿੱਤ ਵਿਵਸਥਾ ਅਤੇ ਸਰਕਾਰੀ ਬਜਟ ਮਹਿਲਾਵਾਂ ਦੀ ਸਿੱਖਿਆ, ਸਿਹਤ, ਰੋਜ਼ਗਾਰ ਅਤੇ ਸਮਾਜਿਕ ਸੁਰੱਖਿਆ ਵਿਚ ਅਸਮਾਨਤਾਵਾਂ ਨੂੰ ਦੂਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ। ਸੈਸ਼ਨ ਦੌਰਾਨ ਵੱਖ-ਵੱਖ ਉਦਾਹਰਣਾਂ ਰਾਹੀਂ ਇਹ ਦਰਸਾਇਆ ਗਿਆ ਕਿ ਕਿਸ ਤਰ੍ਹਾਂ ਸਰਕਾਰੀ ਬਜਟ ਨੂੰ ਲਿੰਗ ਅਧਾਰਿਤ ਨਜ਼ਰੀਏ ਨਾਲ ਤਿਆਰ ਅਤੇ ਵਿਸ਼ਲੇਸ਼ਿਤ ਕੀਤਾ ਜਾ ਸਕਦਾ ਹੈ। ਵੈਬੀਨਾਰ ਨੇ ਵਿਦਿਆਰਥੀਆਂ ਨੂੰ ਇਹ ਸਮਝ ਦੇਣ ਵਿੱਚ ਮਦਦ ਕੀਤੀ ਕਿ ਬਜਟ ਕੇਵਲ ਵਿੱਤੀ ਦਸਤਾਵੇਜ਼ ਨਹੀਂ, ਸਗੋਂ ਸਮਾਜਿਕ ਨਿਆਂ ਅਤੇ ਮਹਿਲਾ ਸ਼ਕਤੀਕਰਨ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਵੀ ਹੈ। ਅੰਤ ਵਿੱਚ ਵੈਬਿਨਾਰ ਨੂੰ ਭਾਗੀਦਾਰਾਂ ਵੱਲੋਂ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਪ੍ਰੇਰਣਾਦਾਇਕ ਕਰਾਰ ਦਿੱਤਾ ਗਿਆ। ਇਹ ਵੈਬੀਨਾਰ ਨੀਤੀ ਬਣਾਉਣ ਦੀ ਪ੍ਰਕਿਰਿਆ ਵਿੱਚ ਲਿੰਗ ਸੰਵੇਦਨਸ਼ੀਲਤਾ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

# 15 ਫਰਵਰੀ ਨੂੰ ਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ-ਐਡਵੋਕੇਟ ਜਸਵਾਲ

## ਨਰੋਏ ਸਮਾਜ ਦੀ ਸਿਰਜਣਾ ਤੇ ਸਰਬਸਾਂਝੀ ਵਾਲਤਾ ਦਾ ਸੰਦੇਸ਼ ਦੇਣ ਵਾਲੇ ਇਸ ਤਿਉਹਾਰ ਦੀ ਸਮੂਹ ਦੇਸ਼ ਵਾਸੀਆਂ ਨੂੰ ਵਧਾਈ




**ਜੰਡਿਆਲਾ ਗੁਰੂ, 11 ਫਰਵਰੀ ( ਕੁਲਵੰਤ ਸਿੰਘ ਵਿਰਦੀ )-**ਮੁੱਢ ਕਦੀਮਾਂ ਤੋਂ ਗੁਰੂਆਂ ਪੀਰਾਂ, ਫ਼ਕੀਰਾਂ ਪੈਗੰਬਰਾਂ ਦੀ ਪਵਿੱਤਰ ਧਰਤੀ ਸ੍ਰੀ ਅੰਮ੍ਰਿਤਸਰ ਸਾਹਿਬ ਜਿੱਥੇ ਹਰ ਧਰਮ ਅਤੇ ਮਜ਼ਹਬ ਦੇ ਲੋਕ ਆਪਸੀ ਸਾਂਝ ਅਤੇ ਨਹੁੰ ਮਾਸ ਦੇ ਰਿਸ਼ਤੇ ਅਤੇ ਪਿਆਰ ਦੀਆਂ ਤੰਦਾਂ ਨੂੰ ਮਜ਼ਬੂਤ ਕਰਦਿਆ ਸਾਲ ਦੇ 365 ਦਿਨ ਸਾਰੇ ਤਿਉਹਾਰਾਂ ਨੂੰ ਰਲ਼ ਮਿਲ ਕੇ ਮਣਾਉਦੇ ਆ ਰਹੇ ਜਿਸ ਲਈ ਇਹ ਲੋਕ ਵਧਾਈ ਦੇ ਹੱਕਦਾਰ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਹੁਪੱਖੀ ਮਾਇਆ ਨਾਜ਼ ਸ਼ਖ਼ਸੀਅਤ ,ਭੈ ਅਤੇ ਭੌ ਵਿਚ ਜੀਵਨ ਜੀਉਣ ਵਾਲੇ ਸਿਫ਼ਤੀ ਦੇ ਘਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਿਵਾਸ ਰੱਖਣ ਵਾਲੇ,ਡਿਸਟਿਕ ਕੋਰਟ ਅੰਮ੍ਰਿਤਸਰ ਵਿਖੇ ਵੱਖ ਵੱਖ ਕੇਸਾਂ ਵਿੱਚ ਉਲਝੇ ਪਰਿਵਾਰਿਕ ,ਦੀਵਾਨੀ, ਅਤੇ ਲੜਾਈ ਝਗੜਿਆਂ ਦੇ ਕੇਸਾਂ ਨੂੰ ਸੰਜੀਦਗੀ ਨਾਲ ਸੁਲਝਾ ਕੇ ਨਿਪਟਾਰਾ ਕਰਵਾਉਣ ਵਾਲੇ ਐਡਵੋਕੇਟ ਸ੍ ਜਸਵਿੰਦਰ ਸਿੰਘ ਜਸਵਾਲ ਨੇ ਕਹੇ। ਉਨ੍ਹਾਂ ਕਿਹਾ ਕਿ ਸਦੀਆਂ ਤੋਂ ਚਲੀ ਆ ਰਹੀ ਪ੍ਰੰਪਰਾ ਅਨੁਸਾਰ ਇਸ ਵਾਰ ਵੀ 15 ਫਰਵਰੀ ਨੂੰ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਦੇਸ਼ਾਂ ਅਤੇ ਵਿਦੇਸ਼ਾਂ ਵਿਚ ਵੱਸਦੇ ਸ਼ਿਵ ਭਗਤਾਂ ਤੋਂ ਇਲਾਵਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵੀ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਸ਼ਿਵ ਭਗਤਾਂ ਵਲੋਂ 15 ਫਰਵਰੀ ਨੂੰ ਆਪਣੇ ਘਰਾਂ ਦੁਕਾਨ, ਅਤੇ ਦਫ਼ਤਰਾਂ ਵਿਚ ਕੀਤੀ ਜਾਣ ਵਾਲੀ ਪੂਜਾ ਅਰਚਨਾ ਦੇ ਸਮਾਨ ਦੀ ਵਿਤ ਮੁਤਾਬਕ, ਸ਼ਰਧਾ ਅਨੁਸਾਰ ਖਰੀਦੋ ਫਰੋਖਤ ਕਰਨ ਲਈ ਬਜ਼ਾਰਾਂ ਵਿੱਚ ਉਮੜ ਰਹੇ ਹਨ। ਉਨ੍ਹਾਂ ਕਿਹਾ ਕਿ ਜਿਉਂ ਜਿਉਂ ਇਹ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਨਜ਼ਦੀਕ ਆ ਰਿਹਾ ਹੈ ਤਿਉਂ ਤਿਉਂ ਸ਼ਿਵ ਭਗਤਾਂ ਵਿਚ ਚਾਅ ਵਧਦਾ ਜਾ ਰਿਹਾ ਹੈ ਉਨ੍ਹਾਂ ਦੱਸਿਆ ਕਿ ਬੇਸ਼ੱਕ ਸੋਨੇ ਚਾਂਦੀ ਦੀਆਂ ਕੀਮਤਾਂ ਦੇ ਭਾਅ ਅਸਮਾਨੀ ਚੜ੍ਹੇ ਹੋਏ ਹਨ ਲੇਕਿਨ ਸ਼ਿਵ ਭਗਤਾਂ ਵਿਚ ਸੋਨੇ ਦਾ ਸ਼ਿਵ ਲਿੰਗ ਅਤੇ ਚਾਂਦੀ ਦੇ ਨਾਗ ਦੇਵਤਾ ਉਨ੍ਹਾਂ ਦੀ ਪਹਿਲੀ ਪਸੰਦ ਬਣੀ ਹੋਈ ਹੈ। ਲੋਕ ਆਪਣੀ ਸਮਰੱਥਾ ਅਨੁਸਾਰ ਪਿਤਲ, ਕਾਂਸੀ, ਤਾਂਬਾ, ਪੱਥਰ ਚੀਨੀ ਮਿੱਟੀ ਦੀਆਂ ਬਣੀਆਂ ਹੋਈਆਂ ਪੂਜਾ ਦੀ ਸਮਗਰੀ ਖ਼ਰੀਦਣ ਲਈ ਬਜ਼ਾਰਾਂ ਵਿੱਚ ਭਰਮਾਰ ਲੱਗੀ ਹੋਈ ਹੈ ।ਇਸ ਪਾਵਨ ਅਵਸਰ ਤੇ ਜਿਥੇ ਖੁਸ਼ਬੂਦਾਰ ਦੇਸੀ ਅਤੇ ਵਿਦੇਸ਼ੀ ਵੰਨ ਸੁਵੰਨੇ ਫੁੱਲਾਂ ਵੇਚਣ ਵਾਲੇ ਦੁਕਾਨਦਾਰ ਇਸ ਦਿਨ ਦਾ ਬੜੀ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ, ਉਥੇ ਸ਼ੁਧ ਵੇਦ ਉਚਾਰਨ ਪੜਣ ਅਤੇ ਪੂਜਾ ਕਰਨ ਵਾਲੇ ਪੁਜਾਰੀਆਂ ਦੇ ਚਿਹਰੇ ਤੇ ਰੌਣਕ ਦੀ ਝਲਕ ਸਾਫ਼ ਦਿਖਾਈ ਦੇ ਰਹੀ ਹੈ ।ਲੋਕ ਮਿਥੇ ਸਮੇਂ ਅਤੇ ਸ਼ੁਭ ਮਹੂਰਤ ਅਨੁਸਾਰ ਪੁਜਾਰੀਆਂ ਨੂੰ ਮੂੰਹ ਮੰਗੀ ਕੀਮਤ ਦੇਣ ਲਈ ਤਿਆਰ ਹਨ। ਫੁੱਲਾਂ ਦੀ ਸਭ ਤੋਂ ਵੱਡੀ ਮਾਰਕੀਟ ਚੌਂਕ ਲੋਹਗੜ੍ਹ ਇਲਾਕੇ ਦੇ ਸ੍ਰੀ ਸੋਹਨ ਲਾਲ ਨੇ ਦੱਸਿਆ ਕਿ ਸਾਡੇ ਕੋਲ਼ 14 ਅਤੇ 15 ਫਰਵਰੀ ਨੂੰ ਸ਼ਿਵ ਭਗਤਾਂ ਦੀ ਮੰਗ ਮੁਤਾਬਕ ਪੂਜਾ ਸਮੱਗਰੀ ਤੋਂ ਇਲਾਵਾ ਬੇਲ ਪੱਤਰਾਂ ਦੀ ਮੰਗ ਬਹੁਤ ਵਧ ਰਹੀ ਹੈ ।ਪੂਰੇ ਅੰਮ੍ਰਿਤਸਰ ਸ਼ਹਿਰ ਅਤੇ ਆਸ ਪਾਸ ਦੇ ਇਲਾਕਿਆਂ ਵਿਚ ਸ਼ਰਧਾਲੂਆਂ ਦੀ ਆਮਦ ਨੂੰ ਦੇਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟਰੈਫਿਕ ਨੂੰ ਕੰਟਰੋਲ ਕਰਨ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ ।ਮੰਦਿਰਾਂ ਦੀ ਸਜਾਵਟ ਲਈ ਰੰਗ ਬਿਰੰਗੀਆਂ ਰੌਸ਼ਨੀਆਂ,ਦੇਸੀ ਅਤੇ ਵਿਦੇਸ਼ੀ ਫੁੱਲਾਂ ਨਾਲ ਨਾਲ ਸਜਾਇਆ ਜਾ ਰਿਹਾ ਹੈ। ਐਡਵੋਕੇਟ ਸ੍ ਜਸਵਿੰਦਰ ਸਿੰਘ ਜਸਵਾਲ ਨੇ ਕਿਹਾ ਕਿ ਨਰੋਏ ਸਮਾਜ ਦੀ ਸਿਰਜਣਾ ਲਈ ਸਰਬਸਾਂਝੀ ਵਾਲਤਾ ਦਾ ਸੰਦੇਸ਼ ਦੇਣ ਵਾਲੇ ਇਹ ਤਿਉਹਾਰ ਸਾਨੂੰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ।ਉਹਨਾ ਸਾਰੇ ਸ਼ਹਿਰ ਵਾਸੀਆਂ ਨੂੰ ਮਹਾਂ ਸ਼ਿਵਰਾਤਰੀ ਦੀ ਵਧਾਈ ਦਿੰਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਯੁਕਤ ਕਿਸਾਨ ਮੋਰਚਾ ਨੇ

# ਭਲਕੇ ਹੋਣ ਵਾਲੇ ਭਾਰਤ ਬੰਦ ਨੂੰ ਦਿੱਤਾ ਸਮਰਥਨ




**ਨਵੀਂ ਦਿੱਲੀ, 11 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਐਸਕੇਐਮ ਨੇ ਕਿਸਾਨਾਂ ਨੂੰ 4 ਕਿਰਤ ਕੋਡ ਵਾਪਸ ਲੈਣ, ਬਿਜਲੀ ਬਿੱਲ 2025, ਬੀਜ ਬਿੱਲ 2025, ਵੀ ਬੀ ਗ੍ਰਾਮਗ ਐਕਟ 2025, ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰਨ, ਸਕੀਮ ਵਰਕਰਜ਼ ਸਮੇਤ ਮਜ਼ਦੂਰਾਂ ਲਈ ਘੱਟੋ-ਘੱਟ ਉਜਰਤਾਂ ਲਾਗੂ ਕਰਨ ਅਤੇ ਹੋਰ ਮੰਗਾਂ 'ਤੇ ਕੱਲ੍ਹ ਹੋਣ ਵਾਲੀ ਕੁੱਲ ਹਿੰਦ ਆਮ ਹੜਤਾਲ 'ਤੇ ਹੋਣ ਵਾਲੇ ਵਿਰੋਧ ਪ੍ਰਦਰਸ਼ਨ ਵਿੱਚ ਟ੍ਰੇਡ ਯੂਨੀਅਨ ਵਰਕਰਾਂ ਨਾਲ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਖੇਤੀਬਾੜੀ ਮਜ਼ਦੂਰ ਯੂਨੀਅਨਾਂ ਦਾ ਪਲੇਟਫਾਰਮ ਅਤੇ ਨਰੇਗਾ ਸੰਘਰਸ਼ ਮੋਰਚਾ - ਐਨਐਸਐਮ ਵੀ ਦੇਸ਼ ਭਰ ਵਿੱਚ ਹੋਣ ਵਾਲੇ ਵਿਰੋਧ ਪ੍ਰਦਰਸ਼ਨਾਂ ਦਾ ਸਮਰਥਨ ਕਰੇਗਾ ਅਤੇ ਹਿੱਸਾ ਲਵੇਗਾ। ਐਸਕੇਐਮ ਲੋਕਾਂ ਨੂੰ ਭਾਜਪਾ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ 'ਤੇ ਕੀਤੇ ਗਏ ਸਾਰੇ ਨਵੇਂ ਹਮਲਿਆਂ ਦਾ ਵਿਰੋਧ ਕਰਨ ਦਾ ਸੱਦਾ ਦਿੰਦਾ ਹੈ। ਬਿਜਲੀ ਬਿੱਲ 2025 ਕਿਸਾਨਾਂ ਅਤੇ ਘਰੇਲੂ ਉਪਭੋਗਤਾਵਾਂ ਲਈ ਬਿਜਲੀ ਦੀਆਂ ਦਰਾਂ ਵਧਾਏਗਾ ਅਤੇ ਪੀਕ ਆਵਰ ਚਾਰਜ ਅਤੇ ਸਮਾਰਟ ਮੀਟਰ ਲਗਾਏਗਾ। ਐਸਕੇਐਮ ਸਮਾਰਟ ਮੀਟਰਾਂ ਨੂੰ ਨਾਂਹ ਕਰਨ ਅਤੇ ਸਾਰਿਆਂ ਨੂੰ 300 ਯੂਨਿਟ ਮੁਫ਼ਤ ਬਿਜਲੀ ਦੇਣ ਦੀ ਮੰਗ ਕਰ ਰਿਹਾ ਹੈ ਜਿਵੇਂ ਕਿ ਭਾਜਪਾ ਦੇ ਚੋਣ ਮੁਹਿੰਮਾਂ ਵਿੱਚ ਵੀ ਵਾਅਦਾ ਕੀਤਾ ਗਿਆ ਹੈ। ਐਸਕੇਐਮ ਗ੍ਰਾਮ ਸਭਾਵਾਂ ਦੁਆਰਾ ਲਏ ਗਏ ਫੈਸਲੇ ਅਨੁਸਾਰ ਪੇਂਡੂ ਲੋਕਾਂ ਨੂੰ ਕੰਮ ਦੇਣ ਦਾ ਭਰੋਸਾ ਦੇਣ ਵਾਲੇ ਮਨਰੇਗਾ ਨੂੰ ਹਟਾਉਣ ਵਾਲੇ ਵੀ ਬੀ ਗ੍ਰਾਮਗ ਐਕਟ ਅਤੇ ਨਵੇਂ ਬੀਜ ਬਿੱਲ ਦਾ ਸਖ਼ਤ ਵਿਰੋਧ ਕਰਦਾ ਹੈ ਜੋ ਐਮਐਨਸੀ ਬੀਜਾਂ ਦੀ ਮੁਫਤ ਦਰਾਮਦ, ਆਪਣੀ ਮਰਜ਼ੀ ਨਾਲ ਚਾਰਜ ਲੈਣ ਦੀ ਆਜ਼ਾਦੀ ਅਤੇ ਬੀਜਾਂ ਦੀ ਕਾਲਾਬਾਜ਼ਾਰੀ ਕਰਨ ਦੀ ਆਗਿਆ ਦਿੰਦਾ ਹੈ। ਇਸਦੇ ਨਾਲ ਹੀ ਐਸਕੇਐਮ ਸਾਰੇ ਮੁਫਤ ਵਪਾਰ ਸਮਝੌਤਿਆਂ ਦਾ ਵਿਰੋਧ ਮਜ਼ਦੂਰਾਂ ਨੂੰ ਘੱਟੋ-ਘੱਟ ਉਜਰਤ ਦੇ ਮੂਲ ਅਧਿਕਾਰ ਅਤੇ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਅਧਿਕਾਰ ਤੋਂ ਇਨਕਾਰ ਕਰਕੇ ਆਰਥਿਕ ਬਸਤੀਵਾਦ ਦੇ ਬਲੂਪ੍ਰਿੰਟ ਵਜੋਂ ਕਰਦਾ ਹੈ। ਮੋਦੀ ਸਰਕਾਰ ਨੇ ਭਾਰਤ ਦੀ ਪ੍ਰਭੂਸੱਤਾ ਅਤੇ ਸਵੈ-ਨਿਰਭਰਤਾ ਨੂੰ ਸੰਯੁਕਤ ਰਾਜ ਅਮਰੀਕਾ ਦੇ ਹਵਾਲੇ ਕਰ ਦਿੱਤਾ ਹੈ। ਵਿੱਤ ਮੰਤਰਾਲੇ ਨੇ ਰਾਜ ਸਰਕਾਰਾਂ ਨੂੰ ਕਿਹਾ ਹੈ ਕਿ ਉਹ ਏ 2+ਐਫ ਐਲ ਦਰ 'ਤੇ ਆਧਾਰਿਤ ਸੀਮਤ ਐਸਐਸਪੀ ਤੋਂ ਵੱਧ ਅਤੇ ਵੱਧ ਝੋਨੇ ਨੂੰ ਦਿੱਤਾ ਗਿਆ ਬੋਨਸ ਵਾਪਸ ਲੈਣ, ਖਰੀਦ ਬੰਦ ਕਰਨ ਅਤੇ ਅਮਰੀਕੀ ਉਤਪਾਦਾਂ ਦੇ ਆਯਾਤ ਲਈ ਗੈਰ-ਟੈਰਿਫ ਰੁਕਾਵਟਾਂ ਤੋਂ ਬਚਣ ਲਈ ਅਮਰੀਕੀ ਪ੍ਰਸ਼ਾਸਨ ਦੇ ਦਬਾਅ ਹੇਠ ਜਨਤਕ ਵੰਡ ਪ੍ਰਣਾਲੀ ਨੂੰ ਕਮਜ਼ੋਰ ਕਰਨ। ਉਨ੍ਹਾਂ ਕਿਹਾ 12 ਫਰਵਰੀ ਨੂੰ ਹੋਣ ਵਾਲੀ ਕੁੱਲ ਹਿੰਦ ਆਮ ਹੜਤਾਲ ਅਤੇ ਵਿਰੋਧ ਪ੍ਰਦਰਸ਼ਨਾਂ ਦਾ ਸੰਘਰਸ਼ ਕਿਸਾਨਾਂ, ਮਜ਼ਦੂਰਾਂ ਅਤੇ ਲੋਕਾਂ ਦੇ ਸਾਰੇ ਵਰਗਾਂ ਨੂੰ ਕਾਰਪੋਰੇਟ ਦੁਆਰਾ ਉਨ੍ਹਾਂ ਦੀ ਰੋਜ਼ੀ-ਰੋਟੀ ਅਤੇ ਜੀਣ ਦੇ ਅਧਿਕਾਰ 'ਤੇ ਹਮਲੇ ਵਿਰੁੱਧ ਭਾਰਤ ਭਰ ਵਿੱਚ ਮਜ਼ਦੂਰ- ਕਿਸਾਨ ਏਕਤਾ ਬਣਾਉਣ ਲਈ ਇਕੱਠਾ ਕਰੇਗਾ। ਐਸਕੇਐਮ ਸਾਰੇ ਕਿਸਾਨਾਂ ਨੂੰ ਅਪੀਲ ਕਰਦਾ ਹੈ ਕਿ ਉਹ ਇਸ ਵਿਰੋਧ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ, ਸਾਰੀਆਂ ਲੋਕ-ਵਿਰੋਧੀ, ਕਾਰਪੋਰੇਟ ਸਰਕਾਰ ਦੀਆਂ ਨੀਤੀਆਂ ਦੇ ਵਿਰੁੱਧ ਉਦਯੋਗਿਕ ਕਾਮਿਆਂ ਨਾਲ ਏਕਤਾ ਵਿੱਚ ਨਰਿੰਦਰ ਮੋਦੀ ਅਤੇ ਡੋਨਾਲਡ ਟਰੰਪ ਦੇ ਪੁਤਲੇ ਅਤੇ ਮੁਕਤ ਵਪਾਰ ਸਮਝੌਤਿਆਂ ਦੀਆਂ ਕਾਪੀਆਂ ਸਾੜਨ।

**ਕਿਹਾ- ਰੋਸ ਪ੍ਰਦਰਸ਼ਨ ਕਰੋ, ਮੋਦੀ ਅਤੇ ਟਰੰਪ ਦੇ ਪੁਤਲੇ ਸਾੜੋ, ਮੁਕਤ ਵਪਾਰ ਸਮਝੌਤਿਆਂ ਦੀਆਂ ਕਾਪੀਆਂ ਸਾੜੋ**

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਦੇ ਹਾਲਾਤ ਦਰਸਾ ਰਹੇ ਹਨ ਕਿ

# ਮੌਜੂਦਾ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖ਼ਰੀ ਨਹੀਂ ਉੱਤਰੀ : ਸ਼ਮਸ਼ੇਰ ਸਿੰਘ ਪੱਧਰੀ



**ਅੰਮ੍ਰਿਤਸਰ, 11 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਮੌਜੂਦਾ ਸੂਬਾਈ ਹਾਲਾਤਾਂ 'ਤੇ ਗਹਿਰੀ ਚਿੰਤਾ ਜਤਾਉਂਦਿਆਂ ਕਿਹਾ ਕਿ ਪੰਜਾਬ ਦੀ ਤਸਵੀਰ ਦਿਨੋਂ-ਦਿਨ ਚਿੰਤਾਜਨਕ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਲੋਕ ਆਪਣੇ ਆਪ ਨੂੰ ਬਹੁਤ ਹੀ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਅਤੇ ਸਮਾਜ ਵਿੱਚ ਡਰ ਤੇ ਸਹਿਮ ਦਾ ਅਜਿਹਾ ਮਾਹੌਲ ਬਣ ਰਿਹਾ ਹੈ ਜੋ ਕਿਸੇ ਵੀ ਤਰੱਕੀਪਸੰਦ ਰਾਜ ਲਈ ਠੀਕ ਸੰਕੇਤ ਨਹੀਂ ਹੈ। ਇਥੋਂ ਤੱਕ ਕਿ ਕਈ ਮਾਪੇ ਆਪਣੇ ਨੌਜਵਾਨ ਬੱਚਿਆਂ ਨੂੰ ਘਰੋਂ ਬਾਹਰ ਭੇਜਣ ਤੋਂ ਪਹਿਲਾਂ ਘਬਰਾਹਟ ਮਹਿਸੂਸ ਕਰਦੇ ਹਨ, ਜੋ ਦਰਸਾਉਂਦਾ ਹੈ ਕਿ ਲੋਕਾਂ ਦਾ ਭਰੋਸਾ ਰਾਜ ਸਰਕਾਰ ਤੋਂ ਉੱਠ ਗਿਆ ਹੈ। ਭਾਈ ਪੱਧਰੀ ਨੇ ਕਿਹਾ ਕਿ ਕਾਨੂੰਨ-ਵਿਵਸਥਾ ਦੀ ਸਥਿਤੀ ਨੂੰ ਲੈ ਕੇ ਲਗਾਤਾਰ ਸਵਾਲ ਉੱਠ ਰਹੇ ਹਨ। ਇੱਕ ਪਾਸੇ ਅਪਰਾਧ ਅਤੇ ਨਸ਼ਿਆਂ ਦੇ ਮਸਲੇ ਸਮਾਜ ਨੂੰ ਅੰਦਰੋਂ ਕਮਜ਼ੋਰ ਕਰ ਰਹੇ ਹਨ, ਦੂਜੇ ਪਾਸੇ ਪੁਲਿਸ ਦੀ ਕਾਰਵਾਈ 'ਤੇ ਵੀ ਗੰਭੀਰ ਚਰਚਾ ਚੱਲ ਰਹੀ ਹੈ। ਨਾਜਾਇਜ਼ ਫੜੋ-ਫੜਾਈ, ਕਥਿੱਤ ਝੂਠੇ ਮੁਕਾਬਲਿਆਂ ਅਤੇ ਦਬਾਅ ਵਾਲੇ ਤਰੀਕਿਆਂ ਬਾਰੇ ਉੱਠ ਰਹੀਆਂ ਆਵਾਜ਼ਾਂ ਇਹ ਦਰਸਾਉਂਦੀਆਂ ਹਨ ਕਿ ਪ੍ਰਸ਼ਾਸਨ ਨੂੰ ਹੋਰ ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਦੀ ਲੋੜ ਹੈ, ਤਾਂ ਜੋ ਲੋਕਾਂ ਦਾ ਵਿਸ਼ਵਾਸ ਮੁੜ ਕਾਇਮ ਹੋ ਸਕੇ। ਉਨ੍ਹਾਂ ਆਖਿਆ ਕਿ ਨਸ਼ਿਆਂ ਵਿਰੁੱਧ ਵੱਡੇ ਦਾਅਵੇ ਅਤੇ ਮੁਹਿੰਮਾਂ ਦੀਆਂ ਘੋਸ਼ਣਾਵਾਂ ਕਰਨ ਨਾਲ ਹੀ ਸਮੱਸਿਆ ਦਾ ਹੱਲ ਨਹੀਂ ਨਿਕਲਦਾ। ਜੇ ਜ਼ਮੀਨੀ ਪੱਧਰ 'ਤੇ ਨਤੀਜੇ ਨਜ਼ਰ ਨਾਂ ਆਉਣ, ਤਾਂ ਲੋਕਾਂ ਵਿੱਚ ਨਿਰਾਸ਼ਾ ਪੈਦਾ ਹੋਣੀ ਸੁਭਾਵਿਕ ਹੈ। ਸਿਰਫ਼ ਇਸ਼ਿਤਹਾਰਬਾਜ਼ੀ ਨਾਲ ਨੌਜਵਾਨੀ ਨੂੰ ਬਚਾਇਆ ਨਹੀਂ ਜਾ ਸਕਦਾ, ਇਸ ਲਈ ਢੁੱਕਵੇਂ ਕਦਮ, ਸਖ਼ਤ ਕਾਰਵਾਈ ਅਤੇ ਲੰਬੀ ਯੋਜਨਾ ਦੀ ਲੋੜ ਹੈ। ਉਹਨਾਂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅਜਿਹੇ ਬਣ ਰਹੇ ਹਾਲਾਤਾਂ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇ ਲੋਕ ਆਪਣੇਂ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਨ ਲੱਗਣ, ਤਾਂ ਇਹ ਕਿਸੇ ਵੀ ਸਰਕਾਰ ਲਈ ਗੰਭੀਰ ਚੇਤਾਵਨੀ ਹੁੰਦੀ ਹੈ। ਭਾਈ ਪੱਧਰੀ ਨੇ ਕਿਹਾ ਕਿ ਸਾਡਾ ਮੰਨਣਾ ਹੈ ਕਿ ਸਰਕਾਰ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਅਤੇ ਭਰੋਸੇਮੰਦ ਪ੍ਰਸ਼ਾਸਨ ਦੇਣਾ ਹੁੰਦੀ ਹੈ, ਜਦੋਂ ਕਿ ਪੰਜਾਬ ਸਰਕਾਰ ਵਿੱਚ ਜ਼ਿੰਮੇਵਾਰੀ ਨਾਮ ਦਾ ਲਫਜ਼ ਵੀ ਨਹੀਂ ਦਿਸ ਰਿਹਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਵਾਅਦੇ ਜਾਂ ਪ੍ਰਚਾਰ ਨਹੀਂ, ਸਗੋਂ ਸਪੱਸ਼ਟ ਅਤੇ ਠੋਸ ਨਤੀਜੇ ਦੇਖਣਾ ਚਾਹੁੰਦੇ ਹਨ। ਇੱਕ ਐਸਾ ਪ੍ਰਬੰਧ ਸਮੇਂ ਦੀ ਲੋੜ ਹੈ ਜੋ ਕਾਨੂੰਨ ਦੀ ਹਕੂਮਤ ਨੂੰ ਮਜ਼ਬੂਤ ਕਰੇ, ਨੌਜਵਾਨੀ ਨੂੰ ਸਹੀ ਦਿਸ਼ਾ ਦੇਵੇ ਅਤੇ ਹਰ ਪਰਿਵਾਰ ਨੂੰ ਡਰ ਤੋਂ ਮੁਕਤ ਜੀਵਨ ਜੀਊਣ ਦਾ ਵਿਸ਼ਵਾਸ ਦਿਵਾਏ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਮੌਜੂਦਾ ਹਾਲਾਤਾਂ ਵੱਲ ਤੁਰੰਤ ਅਤੇ ਗੰਭੀਰ ਧਿਆਨ ਨਾਂ ਦਿੱਤਾ ਗਿਆ, ਤਾਂ ਇਸਦੇ ਦੇ ਪ੍ਰਭਾਵ ਸੂਬੇ ਦੀ ਸਮਾਜਿਕ ਅਤੇ ਆਰਥਿਕ ਸਥਿਰਤਾ 'ਤੇ ਵੀ ਪੈ ਸਕਦੇ ਹਨ। ਇਸ ਲਈ ਲੋੜ ਹੈ ਕਿ ਸਰਕਾਰ ਜ਼ਮੀਨੀ ਹਕੀਕਤ ਨੂੰ ਸਮਝੇ, ਲੋਕਾਂ ਦੀਆਂ ਚਿੰਤਾਵਾਂ ਸੁਣੇ ਅਤੇ ਸੋਚ ਸਮਝ ਕੇ ਕਦਮ ਚੁੱਕੇ, ਤਾਂ ਜੋ ਪੰਜਾਬ ਨੂੰ ਮੁੜ ਭਰੋਸੇ ਅਤੇ ਚੜ੍ਹਦੀ ਕਲਾ ਦੇ ਰਾਹ 'ਤੇ ਲਿਆਂਦਾ ਜਾ ਸਕੇ।

**ਵੱਧਦੇ ਡਰ ਅਤੇ ਅਸੁਰੱਖਿਆ ਦੇ ਮਾਹੌਲ ਕਾਰਨ ਆਮ ਲੋਕ ਘਬਰਾਏ, ਮਾਪੇ ਨੌਜਵਾਨ ਬੱਚਿਆਂ ਨੂੰ ਘਰੋਂ ਬਾਹਰ ਭੇਜਣ ਤੋਂ ਵੀ ਕਤਰਾਉਣ ਲੱਗੇ**

ਆਵਾਜ਼ਿ ਕੌਮ AWAZE QAUM International Newspaper & WEB TV

# ਐਮ ਟੀ ਪੀ ਵਿਭਾਗ ਦੀ ਮਿਲੀ ਭੁਗਤ ਹੋ ਰਹੀਆਂ ਨਜਾਇਜ ਉਸਾਰੀਆਂ:ਬਿੱਲਾ ਆਰੇ ਵਾਲਾ ਨਗਰ ਨਿਗਮ ਵਿਭਾਗ ਸੌਂ ਰਿਹਾ ਕੁੰਭਕਰਨੀ



**ਚੌਕ ਮਹਿਤਾ 11 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਾਈ ਕੋਰਟ ਦੇ ਹੁਕਮਾਂ ਨੂੰ ਛਿੱਕੇ ਟੰਗ ਕੇ ਸ਼ਰੇਆਮ ਹੋ ਰਹੀਆਂ ਨਜਾਇਜ਼ ਉਸਾਰੀਆਂ ਅਤੇ ਨਗਰ ਨਿਗਮ ਸੌਂ ਰਿਹਾ ਕੁੰਭਕਰਨੀ ਨੀਂਦ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵਕ ਬਲਬੀਰ ਸਿੰਘ ਬਿੱਲਾ ਆਰੇ ਵਾਲੇ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਕੀਤਾ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਹਲਕਾ ਪੂਰਬੀ ਸਥਿਤ 100ਫੁੱਟੀ ਰੋਡ ਵਿਖੇ ਸਾਲ 2023 ਤੋਂ ਹੋ ਰਹੀਆਂ ਨਜਾਇਜ਼ ਉਸਾਰੀਆਂ ਦੀ ਸ਼ਿਕਾਇਤ ਨਗਰ ਨਿਗਮ ਦੇ ਐਮ ਟੀ ਪੀ ਵਿਭਾਗ ਵਿੱਚ ਕੀਤੀ ਸੀ ਪ੍ਰੰਤੂ ਅਫ਼ਸੋਸ ਨਗਰ ਨਿਗਮ ਦੇ ਐਮ ਟੀ ਪੀ ਵਿਭਾਗ ਵਿੱਚ ਤੈਨਾਤ ਅਧਿਕਾਰੀਆਂ ਦੀ ਮਿਲੀਭੁਗਤ ਸਦਕਾ ਓਹਨਾ ਦੀ ਸ਼ਿਕਾਇਤ ਉੱਪਰ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਅਤੇ ਅੱਜ ਵੀ 2026 ਹੋਣ ਦੇ ਬਾਵਜੂਦ ਇਹ ਨਜਾਇਜ ਉਸਾਰੀਆਂ ਸ਼ਰੇਆਮ ਹੋ ਰਹੀਆਂ ਹਨ ਬਿੱਲੇ ਆਰੇ ਵਾਲੇ ਨੇ ਦੱਸਿਆ ਕਿ ਇਸ ਸੰਬਧੀ ਉਨ੍ਹਾਂ ਵਲੋਂ ਨਗਰ ਨਿਗਮ ਦੇ ਕਮਿਸ਼ਨਰ ਸਾਹਿਬ ਨੂੰ ਬੜੀ ਵਾਰੀ ਜਾਣੂੰ ਕਰਵਾਇਆ ਗਿਆ ਹੈ ਪ੍ਰੰਤੂ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ ਬਿੱਲੇ ਆਰੇ ਵਾਲੇ ਨੇ ਪੰਜਾਬ ਦੇ ਮੁੱਖ ਮੰਤਰੀ ਸਾਹਿਬ,ਸੈਕਟਰੀ ਲੋਕਲ ਬਾਡੀ ਵਿਭਾਗ, ਡਾਇਰੈਕਟਰ ਲੋਕਲ ਬਾਡੀਜ਼ ਵਿਭਾਗ ਪਾਸੋ ਮੰਗ ਕੀਤੀ ਕਿ ਉਹਨਾਂ ਵਲੋਂ ਦਿੱਤੀ ਗਈ ਸ਼ਿਕਾਇਤ ਉੱਪਰ ਕਾਰਵਾਈ ਨਾ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਅਤੇ ਇਸ ਬਾਬਤ ਜਲਦ ਹੀ ਹਾਈ ਕੋਰਟ ਦਾ ਦਰਵਾਜ਼ਾ ਖੜ੍ਹਕਾਇਆ ਜਾਵੇਗਾ ।।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜੇ ਵੜਿੰਗ ਸਟੇਜਾਂ ਤੇ ਗਿੱਦੜ ਧਮਕੀਆਂ ਦੇਣੀਆਂ ਬੰਦ ਕਰੋ ਵਿਕਾਸ਼ ਦੇ ਮੁੱਦੇ ਤੇ ਮੰਤਰੀ ਈ ਟੀ ਉ 2027 ਚ ਤੁਹਾਨੂੰ ਟੱਕਰੇਗਾ:- ਅਮਰੀਕ ਸੋਢੀ

## ਪ੍ਰਤਾਪ ਸਿੰਘ ਬਾਜਵਾ ਵੱਲੋਂ ਈਟੀਓ ਦੇ ਖਿਲਾਫ ਦਿੱਤਾ ਬਿਆਨ ਬੇਹੱਦ ਨਿੰਦਣਯੋਗ



ਜੰਡਿਆਲਾ ਗੁਰੂ 11 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਆਪ ਪਾਰਟੀ ਦੇ ਸੀਨੀਅਰ ਆਗੂ ਅਮਰੀਕ ਸਿੰਘ ਸੋਢੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਪਿਛਲੇ ਦਿਨੀ ਜੰਡਿਆਲਾ ਗੁਰੂ ਦਾਣਾ ਮੰਡੀ ਵਿਖੇ ਹਲਕਾ ਜੰਡਿਆਲਾ ਗੁਰੂ ਤੋਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਦੀ ਅਗਵਾਈ ਹੇਠ ਮਨਰੇਗਾ ਰੈਲੀ ਕੀਤੀ ਗਈ ਇਹ ਰੈਲੀ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਤੇ ਪਏ ਡਾਕੇ ਦੇ ਵਿਰੋਧ ਵਿੱਚ ਮੋਦੀ ਸਰਕਾਰ ਦੇ ਖਿਲਾਫ ਕਰਨੀ ਸੀ, ਪਰ ਇਸ ਰੈਲੀ ਕਰਨ ਦਾ ਮਨੋਰਥ ਉਦੋਂ ਕੁਝ ਹੋਰ ਹੀ ਸ਼ਪਸੱਟ ਹੋ ਗਿਆ ਜਦੋਂ ਕਾਂਗਰਸ ਪਾਰਟੀ ਦੇ ਸੀਨੀਅਰ ਅਤੇ ਵਿਰੋਧੀ ਦਲ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਨੀਚ ਸੋਚ ਦਾ ਉਸ ਵੇਲੇ ਪਤਾ ਲੱਗ ਗਿਆ ਜਦੋਂ ਜੰਡਿਆਲਾ ਗੁਰੂ ਹਲਕੇ ਦੇ ਆਪ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਕਿਰਦਾਰ ਅਤੇ ਪਿਤਾ ਪੁਰਖੀ ਕਿੱਤੇ ਤੇ ਤੰਜ ਕੱਸਿਆ ਗਿਆ। ਅਤੇ ਉਨਾਂ ਦੇ ਪਿਛੋਕੜ ਕਾਰੋਬਾਰ ਦੇ ਖਿਲਾਫ ਬਹੁਤ ਹੀ ਭੱਦੀਸ਼ਬਦਾਵਲੀ ਬੋਲੀ ਗਈ। ਜੋ ਕਿ ਬਹੁਤ ਹੀ ਨਿੰਦਣਯੋਗ ਯੋਗ ਸੀ ।ਜਿਸ ਦੀ ਅਸੀਂ ਸਖਤ ਸ਼ਬਦਾਂ ਵਿੱਚ ਵਿਰੋਧ ਕਰਦੇ ਸਾਨੂੰ ਕੈਬਨਿਟ ਮੰਤਰੀ ਈ ਟੀ ਉ ਤੇ ਪੂਰਾ ਮਾਣ ਹੈ ਕਿ ਉਹ ਗਰੀਬੀ ਰੇਖਾ ਚ ਪੜ੍ਹ ਲਿਖ ਕੇ ਅੱਜ ਜੰਡਿਆਲਾ ਗੁਰੂ ਹਲਕੇ ਦਾ ਬੇਅੰਤ ਵਿਕਾਸ਼ ਕਰਕੇ ਜੰਡਿਆਲੇ ਦਾ ਮਾਣ ਬਣੇ ਅਮਰੀਕ ਸੋਢੀ ਨੇ ਪ੍ਰਤਾਪ ਬਾਜਵੇ ਨੂੰ ਆਪਣੀ ਪੀੜੀ ਹੇਠ ਸੋਟਾ ਫੇਰਨ ਲਈ ਕਿਹਾ ਕਿ ਤੁਸੀਂ ਆਪਣਾ ਸਮਾਂ ਚੇਤੇ ਕਰੋ ਕਿ ਤੁਹਾਡੇ ਪਿਤਾ ਵਾਂਗ ਮੰਤਰੀ ਈ ਟੀ ਉ ਦੇ ਪਿਤਾ ਜੀ ਨੇ ਸਮੱਗਲਿੰਗ ਨਹੀਂ ਕੀਤੀ ਹੱਥੀਂ ਕਿਰਤ ਕੀਤੀ ਹੈ ਅਤੇ ਅਮਰੀਕ ਸੋਢੀ ਨੇ ਕਾਂਗਰਸ ਪਾਰਟੀ ਦੇ ਪ੍ਰਧਾਨ ਰਾਜੇ ਵੜਿੰਗ ਨੂੰ ਵੀ ਆਖਿਆ ਕਿ ਰਾਜੇ ਬੇਟਾ ਮੰਤਰੀ ਈ ਟੀ ਉ ਦੀ ਤਿੰਨ ਮਿੰਟ ਵਿੱਚ ਧੌਣ ਮਰੋੜਣੀਂ ਏਨੀ ਸੋਖੀ ਗੱਲ ਨਹੀਂ ਇਹ ਗਿੱਦੜ ਧਮਕੀਆਂ ਸਟੇਜਾਂ ਤੇ ਦੇਣੀਆਂ ਬੰਦ ਕਰੋ ਜਮੀਨੀ ਪੱਧਰ ਤੇ ਆ ਕੇ ਜਨਤਾ ਦੀ ਸੇਵਾ ਕਰੋ ਅਸੀਂ ਤੁਹਾਡੀ ਧੋਣ ਨਹੀਂ ਮਰੋੜਨੀ ਅਸੀਂ ਪੰਜਾਬ ਦੇ ਭਲੇ ਵਾਸਤੇ ਕੰਮ ਕੀਤਾ ਅਤੇ ਅੱਗੇ ਵੀ ਕਰਨਾ ਨਾਲ ਜਨਤਾ ਦੀ ਸੇਵਾ ਕਰਨੀ ਜਿਸ ਦੇ ਨਤੀਜੇ 2027 ਚ ਪੰਜਾਬ ਦੀ ਜਨਤਾਂ ਨੇ ਤੁਹਾਡੇ ਸਨਮੁਖ ਰੱਖ ਦੇਣੇ ਹਨ ਉਹਨਾਂ ਚ ਤੁਸੀਂ ਕਿਸੇ ਦਰਜੀ ਕੋਲੋਂ ਚਿੱਟੇ ਕੁੜਤੇ ਪਜਾਮੇ ਜਰੂਰ ਸਿਵਾ ਲਉ ਹਾਂ ਪਰ ਪੈਸੈ ਦਰਜੀ ਨੂੰ ਦੇਕੇ ਜਰੂਰ ਆਉਣੇ ਹਨ ਤੇਰੇ ਵਾਸਤੇ ਇਹੋ ਭਲਾਈ ਹੈ ਕਿ ਤੁਸੀਂ ਘੱਟ ਬੋਲੋ ਇੱਕ ਚੁੱਪ ਅਤੇ ਸੌ ਸੁੱਖ ਵਾਲੀ ਕਹਾਵਤ ਤੁਹਾਡੇ ਤੇ ਪੂਰੀ ਢੁਕਦੀ ਹੈ!

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਗਰ ਕੀਰਤਨ ਦੌਰਾਨ "ਪੈਂਡਾ ਜੈਸਲਮੇਰ ਤੋਂ ਲਹਿਰੀ" ਦੇ ਰਚੇਤਾ

# ਨੰਬਰਦਾਰ ਜਸਪਾਲ ਸਿੰਘ ਬਰਾੜ ਸਨਮਾਨਿਤ



**ਤਲਵੰਡੀ ਸਾਬੋ, 11 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਪਿੰਡ ਲਹਿਰੀ ਵਿਖੇ ਸੰਤ ਬਾਬਾ ਫੌਜਾ ਸਿੰਘ ਜੀ ਅਤੇ ਸੰਤ ਬਾਬਾ ਗੁਰਦਿਆਲ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ਼ਰਧਾ ਅਤੇ ਉਤਸ਼ਾਹ ਨਾਲ ਕੱਢਿਆ ਗਿਆ। ਇਸ ਮੌਕੇ ਧਾਰਮਿਕ ਰੌਣਕ ਦੇ ਨਾਲ-ਨਾਲ ਪਿੰਡ ਦੀ ਵਿਰਾਸਤ ਅਤੇ ਇਤਿਹਾਸ ਨੂੰ ਵੀ ਵਿਸ਼ੇਸ਼ ਤੌਰ 'ਤੇ ਯਾਦ ਕੀਤਾ ਗਿਆ। ਨਗਰ ਕੀਰਤਨ ਦੌਰਾਨ ਪਿੰਡ ਲਹਿਰੀ ਦੀ ਵਿਰਾਸਤ ਅਤੇ ਸਿੱਧੂ ਬਰਾੜ ਭਾਈਚਾਰੇ ਦੇ ਗੌਰਵਮਈ ਇਤਿਹਾਸ ਨੂੰ ਦਰਸਾਉਂਦੀ ਪੁਸਤਕ "ਪੈਂਡਾ ਜੈਸਲਮੇਰ ਤੋਂ ਲਹਿਰੀ" ਦੇ ਰਚੇਤਾ ਨੰਬਰਦਾਰ ਜਸਪਾਲ ਸਿੰਘ ਬਰਾੜ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਲਹਿਰੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਪਿੰਡ ਦੀ ਸ਼ਾਨ ਵਧਾਉਣ ਲਈ ਧੰਨਵਾਦ ਪ੍ਰਗਟ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਸ. ਹਰਮੰਦਰ ਸਿੰਘ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੰਬਰਦਾਰ ਜਸਪਾਲ ਸਿੰਘ ਬਰਾੜ ਵੱਲੋਂ ਲਿਖੀ ਗਈ ਇਹ ਪੁਸਤਕ ਨਵੀਂ ਪੀੜ੍ਹੀ ਨੂੰ ਆਪਣੇ ਮੂਲਾਂ ਅਤੇ ਇਤਿਹਾਸ ਨਾਲ ਜੋੜਨ ਦਾ ਮਹੱਤਵਪੂਰਨ ਯਤਨ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਕੌਮਾਂ ਆਪਣਾ ਇਤਿਹਾਸ ਸੰਭਾਲਦੀਆਂ ਹਨ, ਉਹੀ ਤਰੱਕੀ ਦੇ ਰਸਤੇ 'ਤੇ ਅੱਗੇ ਵਧਦੀਆਂ ਹਨ। ਇਸ ਤਰ੍ਹਾਂ ਦੇ ਉਪਰਾਲੇ ਪਿੰਡ ਦੀ ਪਛਾਣ ਨੂੰ ਮਜ਼ਬੂਤ ਕਰਦੇ ਹਨ ਅਤੇ ਭਾਈਚਾਰੇ ਵਿੱਚ ਏਕਤਾ ਅਤੇ ਮਾਣ ਦੀ ਭਾਵਨਾ ਪੈਦਾ ਕਰਦੇ ਹਨ।



ਇਸ ਮੌਕੇ ਪੁਸਤਕ ਦੇ ਰਚੇਤਾ ਨੰਬਰਦਾਰ ਜਸਪਾਲ ਸਿੰਘ ਬਰਾੜ ਨੇ ਕਿਹਾ ਕਿ ਪੁਸਤਕ "ਪੈਂਡਾ ਜੈਸਲਮੇਰ ਤੋਂ ਲਹਿਰੀ" ਲੰਬੇ ਸਮੇਂ ਦੀ ਘਾਲਣਾ, ਖੋਜ ਅਤੇ ਇਤਿਹਾਸਕ ਤੱਥਾਂ ਦੀ ਸੰਭਾਲ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਇਸ ਰਚਨਾ ਲਈ ਉਨ੍ਹਾਂ ਨੇ ਵੱਡੇ ਬਜ਼ੁਰਗਾਂ ਨਾਲ ਮੁਲਾਕਾਤਾਂ ਕੀਤੀਆਂ, ਪੁਰਾਤਨ ਦਸਤਾਵੇਜ਼ਾਂ ਅਤੇ ਵਿਰਾਸਤੀ ਸੰਦਰਭਾਂ ਦੀ ਪੜਚੋਲ ਕੀਤੀ ਅਤੇ ਭਾਈਚਾਰੇ ਦੀ ਮੌਖਿਕ ਇਤਿਹਾਸਕ ਰਿਵਾਇਤ ਨੂੰ ਇਕੱਠਾ ਕਰਕੇ ਲਿਖਤੀ ਰੂਪ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪੁਸਤਕ ਦਾ ਮਕਸਦ ਸਿਰਫ਼ ਇਤਿਹਾਸ ਦਰਜ ਕਰਨਾ ਨਹੀਂ, ਸਗੋਂ ਨਵੀਂ ਪੀੜ੍ਹੀ ਨੂੰ ਆਪਣੇ ਮੂਲਾਂ, ਵਿਰਸੇ ਅਤੇ ਸਿੱਧੂ ਬਰਾੜ ਭਾਈਚਾਰੇ ਦੇ ਗੌਰਵਮਈ ਅਤੀਤ ਨਾਲ ਜੋੜਨਾ ਹੈ। ਨੰਬਰਦਾਰ ਜਸਪਾਲ ਸਿੰਘ ਬਰਾੜ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਵੱਲੋਂ ਦਿੱਤੇ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਣ ਸਿਰਫ਼ ਉਨ੍ਹਾਂ ਦਾ ਨਹੀਂ, ਸਗੋਂ ਸਮੂਹ ਪਿੰਡ ਵਾਸੀਆਂ ਅਤੇ ਭਾਈਚਾਰੇ ਦਾ ਹੈ, ਜਿਨ੍ਹਾਂ ਦੀ ਸਹਿਯੋਗ ਨਾਲ ਇਹ ਕਾਰਜ ਸੰਭਵ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

AISSF (ਖਾਲਸਾ) ਵੱਲੋਂ ਬੀਤੇ ਦਿਨੀਂ ਢਿਲੋਂ ਮਜੀਠੀਆ ਜੇਲ ਮਿਲਨੀ

# ਅਕਾਲੀ ਭਾਜਪਾ ਗਠਜੋੜ ਦੀ ਸ਼ੁਰੂਆਤ ਵਾਲੀ ਕੀਤੀ ਮਸੀਨਗੋਈ ਗਵਰਨਰ ਮੁਹਿੰਮ 'ਚ ਅਕਾਲੀ ਭਾਜਪਾ ਢਿੱਲੋਂ ਲਾਣੇ ਦੇ ਸ਼ਾਮਲ ਹੋਣ ਨਾਲ ਸੱਚ ਸਾਬਤ ਹੋਈ : ਏ ਆਈ ਐਸ ਐਸ ਐਫ ਖਾਲਸਾ

**ਅੰਮ੍ਰਿਤਸਰ, 11 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਮਾਨਯੋਗ ਗਵਰਨਰ ਪੰਜਾਬ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਯਾਤਰਾ ਕੱਢੀ ਜਾ ਰਹੀ ਹੈ ਪਰ ਇਸ ਯਾਤਰਾ ਵਿਚ ਅਕਾਲੀ ਭਾਜਪਾ ਤੇ ਸਿਆਸੀ ਬਾਬੇ ਢਿੱਲੋਂ ਦੇ ਸ਼ਾਮਲ ਹੋਣ ਤੋਂ ਸਾਫ ਜ਼ਾਹਰ ਹੈ ਕਿ ਗਵਰਨਰ ਪੰਜਾਬ ਤਾਂ 2027 ਦੀਆਂ ਚੋਣਾਂ ਸਮੇਂ ਅਕਾਲੀ ਭਾਜਪਾ ਗਠਜੋੜ ਵਾਲੀ ਮੁਹਿੰਮ ਚਲਾ ਰਹੇ ਹਨ ਅਤੇ ਇਸ ਨੂੰ ਨਸ਼ਿਆਂ ਵਿਰੋਧੀ ਜਾਗਰੂਕਤਾ ਯਾਤਰਾ ਦਾ ਨਾਮ ਦੱਸਿਆਂ ਜਾ ਰਿਹਾ ਹੈ, ਪਰ ਪੰਜਾਬ ਦੇ ਸਿਆਣੇ ਲੋਕਾਂ ਤੇ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਗਰਵਨਰ ਸਾਹਿਬ ਦੀ ਨਸ਼ਿਆਂ ਵਿਰੋਧੀ ਯਾਤਰਾ ਪਚ ਨਹੀਂ ਰਹੀ ? ਅਤੇ ਉਹ ਜਿਥੇ ਇਹ ਦੋਸ ਲਾ ਰਹੇ ਹਨ ਕਿ ਅਕਾਲੀ ਭਾਜਪਾ ਗਠਜੋੜ ਸਮੇਂ ਹੀ ਤਾਂ ਚਿੱਟੀ ਦੀ ਸਮੱਗਲਿੰਗ ਨਾਲ ਇਹਨਾਂ ਖੂਬ ਪੈਸਾ ਕਮਾਇਆ ਤੇ ਪੰਜਾਬ ਦੀ ਨੌਜਵਾਨੀ ਨੂੰ ਮਾਰਿਆ ਤੇ ਚਿੱਟੇ ਦੇ ਆਦੀ ਬਣਾਇਆ, ਉਹਨਾਂ ਦਾ ਗਵਰਨਰ ਦੀ ਨਸ਼ਿਆਂ ਵਿਰੁੱਧ ਵਿੱਢੀ ਯਾਤਰਾ 'ਚ ਸਾਮਲ ਹੋਣਾ ਕਈ ਸਵਾਲ ਖੜ੍ਹੇ ਕਹੇ ਰਿਹਾ ਹੈ ਕਾਂਗਰਸ ਦੇ ਰਾਜਾਂ ਵੜਿੰਗ ਇਸ ਗਵਰਨਰ ਯਾਤਰਾ ਨੂੰ ਸਮਝੌਤਾ ਐਕਸਪ੍ਰੈਸ ਦੱਸ ਰਹੇ ਹਨ ਅਤੇ ਅਜਿਹੇ ਬਿਆਨ ਆਪ ਦੇ ਕੈਬਨਿਟ ਮੰਤਰੀ ਤੇ ਹੋਰਾਂ ਸਿਆਸੀਆਂ ਦੇ ਨਾਲ ਨਾਲ ਪੰਜਾਬ ਦੇ ਲੋਕ ਦੱਸ ਰਹੇ ਹਨ ਅਤੇ ਇਸ ਯਾਤਰਾ ਨੂੰ ਅਕਾਲੀ ਭਾਜਪਾ ਸਮਝੌਤਾ ਦੱਸ ਰਹੇ ਹਨ ਜਿਸ ਦੇ ਸਿੱਟੇ ਵਜੋਂ ਗਰਵਨਰ ਸਾਹਿਬ ਵੱਲੋਂ ਵਿੱਢੀ ਨਸ਼ਿਆਂ ਵਿਰੁੱਧ ਯਾਤਰਾ ਸਿਰਫ਼ ਸਿਆਸਤ ਤੱਕ ਸੀਮਤ ਹੋ ਕੇ ਰਹਿ ਗਈ ਲੋਕਾਂ ਨੂੰ ਇਸ ਦਾ ਕੋਈ ਫਾਇਦਾ ਨਹੀਂ ? ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗਵਰਨਰ ਪੰਜਾਬ ਵੱਲੋਂ ਨਸ਼ਿਆਂ ਖ਼ਿਲਾਫ਼ ਕੱਢੀ ਜਾ ਯਾਤਰਾ ਵਿੱਚ, ਸੁਖਬੀਰ ਬਾਦਲ, ਬਾਬਾ ਗੁਰਿੰਦਰ ਸਿੰਘ ਢਿੱਲੋਂ ਤੇ ਮਜੀਠੀਆ ਦੇ ਸ਼ਾਮਲ ਹੋਣ ਵਾਲੀ ਨੀਤੀ ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਅਤੇ ਇਸ ਯਾਤਰਾ ਨੂੰ ਅਕਾਲੀ ਭਾਜਪਾ ਗਠਜੋੜ ਦਾ ਹਿੱਸਾ ਦੱਸਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਸਪਸ਼ਟ ਕੀਤਾ ਬੀਤੇ ਦਿਨੀਂ ਜੇਲ੍ਹ 'ਚ ਆਏ ਬਿਕਰਮ ਸਿੰਘ ਮਜੀਠੀਆ ਨੇ ਰਾਧਾਸੁਆਮੀ ਸਤਿਸੰਗ ਬਿਆਸ ਦੇ ਸਿਆਸੀ ਬਾਬੇ ਗੁਰਿੰਦਰ ਸਿੰਘ ਢਿੱਲੋਂ ਨਾਲ ਡੇਰੇ ਵਿੱਚ ਲੰਮੀ ਮੀਟਿੰਗ ਕੀਤੀ ਪਰ ਮੀਡੀਏ ਤੋਂ ਦੂਰੀ ਬਣਾਈ ਰੱਖੀ, ਭਾਈ ਖਾਲਸਾ ਨੇ ਦੱਸਿਆ ਮਾਨਯੋਗ ਗਰਵਨਰ ਸਾਹਿਬ ਦੀ ਨਸ਼ਿਆਂ ਵਿਰੁੱਧ ਵਿੱਢੀ ਯਾਤਰਾ ਵਿੱਚ ਭਾਜਪਾ ਪ੍ਰਧਾਨ, ਸੁਖਬੀਰ ਬਾਦਲ, ਬਿਕਰਮ ਸਿੰਘ ਮਜੀਠੀਆ ਸਮੇਤ ਰਾਧਾਸੁਆਮੀ ਬਾਬੇ ਗੁਰਿੰਦਰ ਸਿੰਘ ਢਿੱਲੋਂ ਦੀ ਸ਼ਮੂਲੀਅਤ ਕਰਕੇ, ਪੰਜਾਬੀ ਦੀ ਕਹਾਵਤ ਮੁਤਾਬਕ ਪੁੱਟਿਆ ਪਹਾੜ, ਤੇ ਨਿਕਲਿਆ ਚੂਹਾ ਨਾਲ ਜੋੜ ਰਹੇ ਹਨ, ਭਾਈ ਖਾਲਸਾ ਨੇ ਕਿਹਾ ਲੋਕਾਂ ਦਾ ਕਹਿਣਾ ਬਿਲਕੁਲ ਸਹੀ ਤੇ ਸੱਚ ਹੈ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਗਵਰਨਰ ਸਾਹਿਬ ਜੀ ਵੱਲੋਂ ਵਿੱਢੀ ਯਾਤਰਾ ਮੁਹਿੰਮ ਦਾ ਸਵਾਗਤ ਕਰਦੀ ਹੋਈ ਇਸ ਯਾਤਰਾ ਨੂੰ ਸਿਆਸਤ ਤੋਂ ਦੂਰ ਰੱਖਣ ਦੀ ਮੰਗ ਕਰਦੀ ਹੈ, ਕਿਉਂਕਿ ਗਰਵਨਰ ਸਾਹਿਬ ਤਾ ਸਭ ਦੇ ਸਾਂਝੇ ਹਨ ਇਸ ਕਰਕੇ ਨਸ਼ਿਆਂ ਵਿਰੁੱਧ ਕੱਢੀ ਯਾਤਰਾ ਰਾਹੀਂ ਅਕਾਲੀ ਭਾਜਪਾ ਗਠਜੋੜ ਨੂੰ ਇਕੱਠਾ ਕਰਨ ਵਾਲੀ ਨੀਤੀ ਲੋਕਾਂ ਨੂੰ ਪਚ ਨਹੀਂ ਰਹੀ ? ਬਾਕੀ ਭਵਿੱਖ ਅਤੇ ਪੰਜਾਬ ਦੇ ਲੋਕ ਹੀ ਇਸ ਸਬੰਧੀ ਤਹਿ ਕਰਨਗੇ।




ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਪੁਲਿਸ ਨੇ ਪਾਕਿ-ਅਧਾਰਤ ਮਾਡਿਊਲ ਦਾ ਪਰਦਾਫਾਸ਼ ਕਰਕੇ ਇੱਕ ਹੋਰ ਅੱਤਵਾਦੀ ਸਾਜ਼ਿਸ਼ ਨੂੰ ਕੀਤਾ ਨਾਕਾਮ; ਆਈਡੀ ਅਤੇ ਪਿਸਤੌਲ ਸਮੇਤ ਮੁਲਜ਼ਮ ਗ੍ਰਿਫ਼ਤਾਰ

## ਆਈਈਡੀ ਦੀ ਵਰਤੋਂ ਪੰਜਾਬ ਅਤੇ ਦਿੱਲੀ ਸਮੇਤ ਕਈ ਰਾਜਾਂ ਵਿੱਚ ਯੋਜਨਾਬੱਧ ਹਮਲਿਆਂ 'ਚ ਕੀਤੀ ਜਾਣੀ ਸੀ: ਡੀਜੀਪੀ ਗੌਰਵ ਯਾਦਵ

**ਜੰਡਿਆਲਾ ਗੁਰੂ, 11 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਖੁਫ਼ੀਆ ਜਾਣਕਾਰੀ 'ਤੇ ਅਧਾਰਤ ਇੱਕ ਕਾਰਵਾਈ ਵਿੱਚ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ ਨੇ ਪਾਕਿਸਤਾਨ ਦੀ ਹਮਾਇਤ ਵਾਲੇ ਇੱਕ ਹੋਰ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਵੱਡੀ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ ਅਤੇ ਇਸ ਕਾਰਵਾਈ 'ਚ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਤੋਂ ਰਿਮੋਟ ਕੰਟਰੋਲ ਸਮੇਤ ਮਟੈਲਿਕ ਕੇਸ ਵਿੱਚ ਪੈਕ ਇੱਕ ਇਮਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਅਤੇ ਗੋਲੀ-ਸਿੱਕੇ ਸਮੇਤ ਇੱਕ ਵਿਦੇਸ਼ੀ ਪਿਸਤੌਲ ਬਰਾਮਦ ਕੀਤਾ ਗਿਆ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸ਼ੁਭਮ ਕੁਮਾਰ ਉਰਫ਼ ਸ਼ੁਭਮ ਸ੍ਰੀਵਾਸਤਵ ਵਜੋਂ ਹੋਈ ਹੈ, ਜੋ ਸੀਤਾਪੁਰ, ਉੱਤਰ ਪ੍ਰਦੇਸ਼ ਦੇ ਪਿੰਡ ਸਰੋਸਾ ਦਾ ਰਹਿਣ ਵਾਲਾ ਹੈ।ਦੱਸਣਯੋਗ ਹੈ ਕਿ ਇਹ ਸਫ਼ਲਤਾ ਪੰਜਾਬ ਪੁਲਿਸ ਵੱਲੋਂ ਪਾਕਿਸਤਾਨ ਆਈ.ਐਸ.ਆਈ. ਦੀ ਹਮਾਇਤ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕਰਨ ਉਪਰੰਤ ਇਸ ਨਾਲ ਸਬੰਧਤ ਕਾਰਕੁਨ, ਜਿਸਦੀ ਪਛਾਣ ਅੰਮ੍ਰਿਤਸਰ ਦੇ ਰਾਹੁਲ ਕੁਮਾਰ ਉਰਫ਼ ਗੱਜੂ ਵਜੋਂ ਹੋਈ ਹੈ, ਨੂੰ ਆਰਡੀਐਕਸ-ਅਧਾਰਤ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਸਮੇਤ ਗ੍ਰਿਫ਼ਤਾਰ ਕੀਤੇ ਜਾਣ ਤੋਂ ਇੱਕ ਦਿਨ ਬਾਅਦ ਸਾਹਮਣੇ ਆਈ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਐਨਕ੍ਰਿਪਟਡ ਪਲੇਟਫਾਰਮਾਂ ਰਾਹੀਂ ਪਾਕਿਸਤਾਨ-ਅਧਾਰਤ ਹੈਂਡਲਰ ਦੇ ਸੰਪਰਕ ਵਿੱਚ ਸੀ। ਉਨ੍ਹਾਂ ਕਿਹਾ ਕਿ ਮੁਲਜ਼ਮ ਤੋਂ ਬਰਾਮਦ ਹੋਈ ਖੇਪ ਸਰਹੱਦ ਪਾਰ ਤੋਂ ਭੇਜੀ ਗਈ ਸੀ, ਜਿਸਨੂੰ ਉਸਨੇ ਸ਼ਹਿਰ ਦੇ ਬਾਹਰਵਾਰ ਇੱਕ ਨਿਰਧਾਰਤ ਸਥਾਨ ਤੋਂ ਪ੍ਰਾਪਤ ਕੀਤਾ ਸੀ।ਡੀਜੀਪੀ ਨੇ ਕਿਹਾ ਕਿ ਇਹ ਆਈ.ਈ.ਡੀ. ਪੰਜਾਬ ਅਤੇ ਦਿੱਲੀ ਸਮੇਤ ਕਈ ਰਾਜਾਂ ਵਿੱਚ ਯੋਜਨਾਬੱਧ ਹਮਲਿਆਂ ਵਿੱਚ ਵਰਤਿਆ ਜਾਣਾ ਸੀ। ਉਨ੍ਹਾਂ ਅੱਗੇ ਕਿਹਾ ਕਿ ਸਮੁੱਚੇ ਅੱਤਵਾਦੀ ਨੈੱਟਵਰਕ ਦਾ ਖ਼ਾਤਮਾ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।ਏਆਈਜੀ ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਇੱਕ ਠੋਸ ਜਾਣਕਾਰੀ ਮਿਲੀ ਸੀ ਕਿ ਪਾਕਿਸਤਾਨੀ ਸੰਚਾਲਕਾਂ ਦੁਆਰਾ ਪੰਜਾਬ, ਦਿੱਲੀ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਧਮਾਕੇ ਅਤੇ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਇਰਾਦੇ ਨਾਲ ਆਈਈਡੀ ਅਤੇ ਹਥਿਆਰਾਂ ਦੀ ਇੱਕ ਖੇਪ ਪਾਕਿਸਤਾਨ ਤੋਂ ਡਰੋਨ ਰਾਹੀਂ ਭੇਜੀ ਗਈ ਹੈ, ਜਿਸਨੂੰ ਉਨ੍ਹਾਂ ਦੇ ਭਾਰਤ ਵਿਚਲੇ ਕਾਰਕੁਨਾਂ ਨੇ ਹਾਸਲ ਕੀਤਾ ਹੈ। ਪ੍ਰਾਪਤ ਜਾਣਕਾਰੀ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਵਿਸ਼ੇਸ਼ ਪੁਲਿਸ ਟੀਮਾਂ ਦਾ ਗਠਨ ਕਰਕੇ ਇੱਕ ਸਪੈਸ਼ਲ ਆਪ੍ਰੇਸ਼ਨ ਚਲਾਇਆ ਗਿਆ, ਜਿਸ ਦੌਰਾਨ ਸ਼ੱਕੀ ਸ਼ੁਭਮ ਕੁਮਾਰ ਉਰਫ ਸ਼ੁਭਮ ਸ਼੍ਰੀਵਾਸਤਵ ਨੂੰ ਗ੍ਰਿਫਤਾਰ ਕਰਕੇ ਅੰਮ੍ਰਿਤਸਰ ਜਲੰਧਰ ਜੀਟੀ ਰੋਡ 'ਤੇ ਸਥਿਤ ਦਰਗਾਹ ਨੇੜੇ ਖਾਲੀ ਪਈ ਜਗ੍ਹਾ ਤੋਂ ਆਈਈਡੀ ਅਤੇ ਪਿਸਤੌਲ ਕੀਤਾ ਗਿਆ। ਏਆਈਜੀ ਨੇ ਕਿਹਾ ਕਿ ਜਾਂਚ ਮੁਤਾਬਕ ਗ੍ਰਿਫਤਾਰ ਕੀਤਾ ਗਿਆ ਦੋਸ਼ੀ ਪੂਰੀ ਤਰ੍ਹਾਂ ਕੱਟੜਪੰਥੀ ਹੈ ਅਤੇ ਉਹ ਆਪਣੇ ਹੈਂਡਲਰ ਤੋਂ ਚੰਗੇ ਪੈਸੇ ਮਿਲਣ ਦੇ ਭਰੋਸੇ ਮਗਰੋਂ ਉੱਤਰ ਪ੍ਰਦੇਸ਼ ਤੋਂ ਅੰਮ੍ਰਿਤਸਰ ਆਇਆ ਸੀ ਅਤੇ ਉਸਨੇ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ ਸ਼ਹਿਰ ਦੇ ਬਾਹਰਵਾਰ ਇੱਕ ਨਿਰਧਾਰਤ ਸਥਾਨ ਤੋਂ ਆਈਈਡੀ ਅਤੇ ਹਥਿਆਰਾਂ ਦੀ ਖੇਪ ਹਾਸਲ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਜਾਂਚ ਜਾਰੀ ਹੈ।ਇਸ ਸਬੰਧੀ ਥਾਣਾ ਐਸ.ਐਸ.ਓ.ਸੀ., ਅੰਮ੍ਰਿਤਸਰ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 61(2), ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਦੀ ਧਾਰਾ 18 ਅਤੇ 20, ਵਿਸਫੋਟਕ ਪਦਾਰਥ ਐਕਟ ਦੀ ਧਾਰਾ 4 ਅਤੇ ਅਸਲਾ ਐਕਟ ਦੀ ਧਾਰਾ 25(1)(ਡੀ) ਤਹਿਤ ਐਫਆਈਆਰ ਨੰ.09 ਮਿਤੀ 10.02.2026 ਦਰਜ ਕੀਤੀ ਗਈ ਹੈ।



ਆਵਾਜ਼ਿ ਕੌਮ AWAZE QAUM International Newspaper & WEB TV





ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਗਰਾਂਦ ਦਾ ਪਵਿੱਤਰ ਦਿਹਾੜਾ

**ਸੰਗਰਾਂਦ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

**ਵੀਰਵਾਰ 12 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਕਥਾ ਵਾਚਕ ਗਿਆਨੀ ਗੋਪਾਲ ਸਿੰਘ ਬਟਾਲਾ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778